ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 11 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੨੯ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਪੰਜਾਬ 'ਚ ਵੱਡਾ ਹਾਦਸਾ, ਸਿਲੰਡਰ ਫਟਣ ਕਾਰਣ ਪੂਰਾ ਪਰਿਵਾਰ ਸੜਿਆ




**ਅਜਨਾਲਾ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਬ-ਡਵੀਜ਼ਨ ਅਜਨਾਲਾ ਅਧੀਨ ਆਉਂਦੇ ਇਤਿਹਾਸਿਕ ਕਸਬਾ ਰਮਦਾਸ ਵਿਖੇ ਬੀਤੀ ਰਾਤ ਬੇਹੱਦ ਭਿਆਨਕ ਘਟਨਾ ਵਾਪਰ ਗਈ। ਇਸ ਵਿਚ ਘਰ ਦਾ ਸਿਲੰਡਰ ਫਟ ਗਿਆ, ਜਿਸ ਕਾਰਣ ਇਕੋ ਪਰਿਵਾਰ ਦੇ ਪੰਜ ਜੀਅ ਬੁਰੀ ਤਰ੍ਹਾਂ ਝੁਲਸ ਗਈ, ਜਦਕਿ ਇਕ ਬੱਚੇ ਦੀ ਹਾਲਤ ਜ਼ਿਆਦਾ ਨਾਜ਼ੁਕ ਦੱਸੀ ਜਾ ਰਹੀ ਹੈ। ਇਸ ਸੰਬੰਧੀ ਪੀੜਤ ਪਰਿਵਾਰ ਦੀ ਮੈਂਬਰ ਅਤੇ ਬੱਚੇ ਦੀ ਮਾਂ ਅੰਮ੍ਰਿਤਪਾਲ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਘਰ ਬੀਤੀ ਰਾਤ ਸਿਲੰਡਰ ਫਟਣ ਕਾਰਣ ਅੱਗ ਲੱਗ ਗਈ। ਇਸ ਕਾਰਨ ਪਰਿਵਾਰ ਦੇ 5 ਜੀਅ ਬੁਰੀ ਤਰ੍ਹਾਂ ਨਾਲ ਸੜ ਗਏ ਹਨ। ਜ਼ਖਮੀਆਂ ਵਿਚ ਉਨ੍ਹਾਂ ਦਾ ਤਿੰਨ ਸਾਲ ਦਾ ਪੁੱਤਰ ਗੁਰਵੰਸ਼ਦੀਪ ਸਿੰਘ ਵੀ ਹੈ, ਜਿਸ ਦੀ ਹਾਲਤ ਅਤਿ-ਗੰਭੀਰ ਬਣੀ ਹੋਣ ਕਾਰਣ ਉਸ ਨੂੰ ਅੰਮ੍ਰਿਤਸਰ ਦੇ ਪ੍ਰਾਈਵੇਟ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ।

## ਸੁਖਬੀਰ ਬਾਦਲ ਦੇ ਹਲਕੇ 'ਚ ਜ਼ਹਿਰੀਲੇ ਆਟੇ ਦਾ ਕਹਿਰ !

# 150 ਤੋਂ ਵੱਧ ਲੋਕ ਹੋ ਗਏ ਬਿਮਾਰ


**ਜਲਾਲਾਬਾਦ/ਅਬੋਹਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜਲਾਲਾਬਾਦ ਵਿੱਚ ਵਰਤ ਵਾਲਾ ਆਟਾ ਖਾਣ ਨਾਲ ਵੱਡੀ ਗਿਣਤੀ ਵਿੱਚ ਲੋਕ ਬਿਮਾਰ ਹੋ ਗਏ ਹਨ। ਜਲਾਲਾਬਾਦ ਦੇ ਵੱਖ ਵੱਖ ਸ਼ਹਿਰਾਂ ਵਿੱਚ ਕਰੀਬ 150 ਤੋਂ ਵੱਧ ਲੋਕ ਜ਼ੇਰੇ ਇਲਾਜ ਹਨ। ਕਈ ਤਾਂ ਲੋਕ ਆਪਣੇ ਘਰਾਂ ਵਿੱਚ ਹੀ ਬੇਹੋਸ਼ੀ ਦੀ ਹਾਲਤ ਵਿੱਚ ਪਾਏ ਗਏ ਹਨ। ਜਾਣਕਾਰੀ ਮੁਤਾਬਕ ਕੱਲ੍ਹ ਪਹਿਲਾ ਨਿਰਾਤਾ ਸੀ ਅਤੇ ਪਹਿਲੇ ਨਰਾਤੇ ਦੇ ਮੌਕੇ ਲੋਕਾਂ ਦੇ ਵੱਲੋਂ ਦੜਊਆਂ ਦਾ ਆਟਾ ਕਰਿਆਨੇ ਦੀਆਂ ਵੱਖ-ਵੱਖ ਦੁਕਾਨਾਂ ਤੋਂ ਖਰੀਦ ਕੇ ਉਸ ਨੂੰ ਖਾਧਾ ਗਿਆ। ਜਿਸ ਤੋਂ ਬਾਅਦ ਵੱਡੇ ਪੱਧਰ ਤੇ ਰਾਤ ਸਮੇਂ ਲੋਕ ਹਸਪਤਾਲਾਂ ਦੇ ਦਾਖਲ ਹੋ ਗਏ। ਡਾਕਟਰ



ਦੇ ਮੁਤਾਬਕ 100 ਤੋਂ 150 ਲੋਕ ਇਸ ਆਟੇ ਦੇ ਕਾਰਨ ਬਿਮਾਰ ਹੋਏ ਹਨ। ਫਿਲਹਾਲ ਇਲਾਜ ਦੇ ਲਈ ਲੋਕਾਂ ਨੂੰ ਹਸਪਤਾਲਾਂ 'ਚ ਭਰਤੀ ਕਰਵਾਇਆ ਗਿਆ। ਉਧਰ ਦੂਜੇ ਪਾਸੇ ਹਸਪਤਾਲਾਂ 'ਚ ਭਰਤੀ ਲੋਕਾਂ ਦਾ ਹਾਲ ਚਾਲ ਪੁੱਛਣ ਵਿਧਾਇਕ ਜਗਦੀਪ ਗੋਲਡੀ ਕੰਬੋਜ ਪਹੁੰਚੇ। ਵਿਧਾਇਕ ਗੋਲਡੀ ਕੰਬੋਜ ਨੇ ਕਿਹਾ ਕਿ ਉਹਨਾਂ ਨੇ ਪ੍ਰਸ਼ਾਸਨ ਨੂੰ ਹਿਦਾਇਤਾਂ ਕਰ ਦਿੱਤੀਆਂ ਅਤੇ ਇਸ ਮਾਮਲੇ 'ਤੇ ਉਹਨਾਂ ਦੇ ਵੱਲੋਂ ਇੱਕ ਟੀਮ ਤਿਆਰ ਕਰਨ ਦੀ ਗੱਲ ਆਖੀ ਗਈ ਹੈ। ਪ੍ਰਸ਼ਾਸਨ ਦੇ ਵੱਲੋਂ ਇੱਕ ਟੀਮ ਤਿਆਰ ਕਰ ਇਸ ਪੂਰੇ ਮਾਮਲੇ ਦੀ ਸਖਤੀ ਦੇ ਨਾਲ ਜਾਂਚ ਕੀਤੀ ਜਾਵੇਗੀ ਅਤੇ ਜੇਕਰ ਕੋਈ ਮਿਲਾਵਟ ਖੋਰ ਪਾਇਆ ਗਿਆ ਤਾਂ ਉਸ ਦੇ ਖਿਲਾਫ ਕਾਰਵਾਈ ਕੀਤੀ ਜਾਵੇਗੀ। ਦੱਸ ਦਈਏ ਕਿ ਬਾਜ਼ਾਰ ਦੇ ਵਿੱਚ ਹੋਲਸਿਲ ਰੇਟਾਂ ਚ 70 ਰੁਪਏ ਕਿਲੋ ਵਿਕਣ ਵਾਲਾ ਆਟਾ, ਜਲਾਲਾਬਾਦ ਦੀਆਂ ਕੁੱਝ ਦੁਕਾਨਾਂ 'ਤੇ 45 ਰੁਪਏ ਕਿਲੋ ਵਿਕਿਆ ਸੀ। ਜਿਸ ਤੋਂ ਸਾਫ ਪਤਾ ਲੱਗਦਾ ਹੈ ਕਿ ਮਿਲਾਵਟ ਵੱਡੇ ਪੱਧਰ ਤੇ ਹੋਈ। ਕਰਿਆਨਾ ਯੂਨੀਅਨ ਦੱਸ ਰਹੀ ਹੈ ਕਿ ਪੂਰੇ ਸ਼ਹਿਰ ਦੇ ਵਿੱਚ ਪੰਜ ਹੋਲਸੇਲਰ ਹਨ ਅਤੇ ਉਨਾਂ ਵੱਲੋਂ ਹੁਣ ਇਸ ਮਾਮਲੇ ਦੀ ਆਪਣੇ ਪੱਧਰ ਤੇ ਵੀ ਜਾਂਚ ਕੀਤੀ ਜਾ ਰਹੀ ਹੈ।

## 'ਸੋਨੀਆ ਗਾਂਧੀ ਬਦਲਦੀ ਸੀ ਮਨਮੋਹਨ ਸਿੰਘ ਦੇ ਫੈਸਲੇ', ਯੂਪੀਏ ਸਰਕਾਰ 'ਤੇ ਆਰਕੇ ਸਿੰਘ ਦਾ ਵੱਡਾ ਖੁਲਾਸਾ

**ਚੰਡੀਗੜ੍ਹ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਦੀ ਅਗਵਾਈ ਵਾਲੀ ਯੂਪੀਏ ਸਰਕਾਰ ਵਿੱਚ ਕੇਂਦਰੀ ਊਰਜਾ ਮੰਤਰੀ ਅਤੇ ਕੇਂਦਰੀ ਗ੍ਰਹਿ ਸਕੱਤਰ ਰਹੇ ਆਰਕੇ ਸਿੰਘ ਨੇ ਕਈ ਵੱਡੇ ਖੁਲਾਸੇ ਕੀਤੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਸਾਬਕਾ ਪ੍ਰਧਾਨ ਸੋਨੀਆ ਗਾਂਧੀ ਉਸ ਸਮੇਂ ਦੇ ਤਤਕਾਲੀ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੇ ਫੈਸਲੇ ਬਦਲਦੀ ਸੀ। ਆਰਕੇ ਸਿੰਘ ਨੂੰ ਪੁੱਛਿਆ ਗਿਆ ਸੀ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮਨਮੋਹਨ ਸਿੰਘ ਦੇ ਕੰਮ ਵਿੱਚ ਕਿੰਨਾ ਫਰਕ ਹੈ? ਇਸ ਦੇ ਜਵਾਬ 'ਚ ਉਨ੍ਹਾਂ ਕਿਹਾ ਕਿ ਮੈਂ ਇਕ ਉਦਾਹਰਣ ਦਿੰਦਾ ਹਾਂ। DISASTER MANAGEMEN "ਸਾਡੇ ਸਮੇਂ ਵਿੱਚ ਸ਼ੁਰੂ ਹੋਇਆ ਸੀ। ਇਸ ਸਮੇਂ ਦੌਰਾਨ ਮੈਂ ਗ੍ਰਹਿ ਮੰਤਰਾਲੇ ਵਿੱਚ ਸੰਯੁਕਤ ਸਕੱਤਰ ਸੀ।" ਆਰਕੇ ਸਿੰਘ ਨੇ ਦਾਅਵਾ ਕੀਤਾ, "ਅਸੀਂ ਡਿਜਾਸਟਰ ਮੈਨੇਜਮੈਂਟ ਨੂੰ ਲੈ ਕੇ ਇੱਕ ਖਰੜਾ ਤਿਆਰ ਕੀਤਾ। ਇਸ ਵਿੱਚ ਅਸੀਂ ਰਾਸ਼ਟਰੀ ਆਫ਼ਤ ਪ੍ਰਬੰਧਨ ਲਈ ਰਾਸ਼ਟਰੀ ਆਫ਼ਤ ਪ੍ਰਬੰਧਨ ਅਥਾਰਟੀ ਬਣਾਈ ਸੀ। ਇਹ ਤੈਅ ਹੋਇਆ ਕਿ ਇਸ ਦਾ ਮੁਖੀ ਪ੍ਰਧਾਨ ਮੰਤਰੀ ਹੋਣਗੇ। ਇਸ ਦੇ ਮੈਂਬਰ



ਕੇਂਦਰੀ ਮੰਤਰੀ ਹੋਣਗੇ। ਸੋਨੀਆ ਗਾਂਧੀ ਨੇ ਇਸ ਦੌਰਾਨ ਚਿੱਠੀ ਲਿਖੀ ਕਿ ਅਜਿਹਾ ਨਹੀਂ ਹੋਣਾ ਚਾਹੀਦਾ। ਇਸ ਦੇ ਮੈਂਬਰ ਪ੍ਰਧਾਨ ਮੰਤਰੀ ਦੁਆਰਾ ਨਾਮਜ਼ਦ ਵਿਅਕਤੀ ਹੋਣੇ ਚਾਹੀਦੇ ਹਨ। ਜਦੋਂ ਤਤਕਾਲੀ ਗ੍ਰਹਿ ਮੰਤਰੀ ਸ਼ਿਵਰਾਜ ਪਾਟਿਲ ਨੇ ਮੈਨੂੰ ਇਹ ਚਿੱਠੀ ਦਿਖਾਈ ਤਾਂ ਮੈਂ ਕਿਹਾ ਕਿ ਇਹ ਸਹੀ ਨਹੀਂ ਹੈ। ਸ਼ਿਵਰਾਜ ਪਾਟਿਲ ਮੇਰੀ ਦਲੀਲ ਨਾਲ ਸਹਿਮਤ ਹੋ ਗਏ, ਪਰ 20-25 ਦਿਨਾਂ ਬਾਅਦ, ਉਸ ਵੇਲੇ ਦੇ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਵੱਲੋਂ ਸੋਨੀਆ ਗਾਂਧੀ ਨੂੰ ਸੰਬੋਧਿਤ ਕੇਵਲ ਇੱਕ ਪੱਤਰ ਆਇਆ, ਚਿੱਠੀ 'ਤੇ ਸਿਰਫ਼ ਮਨਮੋਹਨ ਸਿੰਘ ਦੇ ਦਸਤਖਤ ਸਨ।

## ਭਗਵੰਤ ਮਾਨ ਸਰਕਾਰ ਨਹੀਂ ਚਲਾਏਗੀ ਸੁਖਪਾਲ ਖਹਿਰਾ ਖਿਲਾਫ ਮੁਕੱਦਮਾ, ਸੁਪਰੀਮ ਕੋਰਟ ਸਾਹਮਣੇ ਕਬੂਲਿਆ





**ਚੰਡੀਗੜ੍ਹ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਾਂਗਰਸੀ ਆਗੂ ਤੇ ਭੁਲੱਥ ਤੋਂ ਵਿਧਾਇਕ ਸੁਖਪਾਲ ਸਿੰਘ ਖਹਿਰਾ ਨਾਲ ਜੁੜੇ ਨੌਂ ਸਾਲ ਪੁਰਾਣੇ ਨਸ਼ਾ ਤਸਕਰੀ ਮਾਮਲੇ ਦੀ ਅਹਿਮ ਸੁਣਵਾਈ ਬੁੱਧਵਾਰ ਨੂੰ ਸੁਪਰੀਮ ਕੋਰਟ ਵਿੱਚ ਹੋਈ। ਇਸ ਮੌਕੇ ਸਰਕਾਰ ਨੇ ਅਦਾਲਤ ਨੂੰ ਦੱਸਿਆ ਕਿ ਇਸ ਮਾਮਲੇ ਵਿੱਚ ਸੁਖਪਾਲ ਖਹਿਰਾ ਖ਼ਿਲਾਫ਼ ਚੱਲ ਰਹੇ ਮੁਕੱਦਮੇ ਨੂੰ ਅੱਗੇ ਨਹੀਂ ਵਧਾਇਆ ਜਾਵੇਗਾ। ਸੁਪਰੀਮ ਕੋਰਟ ਨੇ ਸਰਕਾਰ ਨੂੰ ਲਿਖਤੀ ਜਵਾਬ ਦਾਖ਼ਲ ਕਰਨ ਲਈ ਚਾਰ ਹਫ਼ਤਿਆਂ ਦਾ ਸਮਾਂ ਦਿੱਤਾ ਹੈ। ਦਰਅਸਲ ਸਾਲ 2015 ਵਿੱਚ ਜਲਾਲਾਬਾਦ ਪੁਲਿਸ ਨੇ ਮਾਰਕੀਟ ਕਮੇਟੀ ਢਿੱਲਵਾਂ ਦੇ ਸਾਬਕਾ ਚੇਅਰਮੈਨ ਗੁਰਦੇਵ ਸਿੰਘ ਸਮੇਤ 9 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਸੀ। ਇਨ੍ਹਾਂ ਦੇ ਕਬਜ਼ੇ 'ਚੋਂ 2 ਕਿਲੋ ਹੈਰੋਇਨ, 24 ਸੋਨੇ ਦੇ ਬਿਸਕੁਟ, 315 ਬੋਰ ਦਾ ਇੱਕ ਦੇਸੀ ਪਿਸਤੌਲ, ਦੋ ਪਾਕਿਸਤਾਨੀ ਸਿਮ ਕਾਰਡ ਤੇ ਇੱਕ ਟਾਟਾ ਸਫਾਰੀ ਕਾਰ ਬਰਾਮਦ ਹੋਈ ਸੀ। ਇਸ ਮਾਮਲੇ ਵਿੱਚ ਮਾਰਕੀਟ ਕਮੇਟੀ ਢਿਲਵਾਂ ਦੇ ਸਾਬਕਾ ਚੇਅਰਮੈਨ ਗੁਰਦੇਵ ਸਿੰਘ ਨਾਲ ਕਥਿਤ ਸਬੰਧਾਂ ਕਾਰਨ ਸੁਖਪਾਲ ਖਹਿਰਾ ਦਾ ਨਾਂ ਵੀ ਸਾਹਮਣੇ ਆਇਆ ਸੀ। ਖਹਿਰਾ ਦੇ ਨਾਲ-ਨਾਲ ਨਿੱਜੀ ਸੁਰੱਖਿਆ ਅਧਿਕਾਰੀ (ਪੀਐਸਓ) ਜੋਗਾ ਸਿੰਘ, ਨਿੱਜੀ ਸਹਾਇਕ ਮਨੀਸ਼, ਪਿੰਡ ਬਾਠ (ਜਲੰਧਰ) ਦਾ ਇੱਕ ਵਿਅਕਤੀ, ਐਨਆਰਆਈ ਯੂਕੇ ਨਿਵਾਸੀ ਚਰਨਜੀਤ ਕੌਰ ਤੇ ਬਾਜਵਾ ਕਲਾਂ ਪਿੰਡ (ਜਲੰਧਰ) ਦੇ ਮੇਜਰ ਸਿੰਘ ਬਾਜਵਾ ਦਾ ਵੀ ਨਾਂ ਸਾਹਮਣੇ ਆਇਆ ਸੀ। ਇਸ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ। ਕਾਂਗਰਸੀ ਵਿਧਾਇਕ ਸੁਖਪਾਲ ਖਹਿਰਾ ਨੂੰ ਜਲਾਲਾਬਾਦ ਜ਼ਿਲ੍ਹਾ ਪੁਲਿਸ ਨੇ 28 ਸਤੰਬਰ 2023 ਨੂੰ ਸਵੇਰੇ 5 ਵਜੇ ਉਨ੍ਹਾਂ ਦੇ ਚੰਡੀਗੜ੍ਹ ਸਥਿਤ ਘਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਹਾਲਾਂਕਿ ਉਹ ਸ਼ੁਰੂ ਤੋਂ ਹੀ ਕਹਿ ਰਹੇ ਹਨ ਕਿ ਉਨ੍ਹਾਂ ਖਿਲਾਫ ਗਲਤ ਮਾਮਲਾ ਦਰਜ ਕੀਤਾ ਗਿਆ ਹੈ। ਅਜਿਹੇ 'ਚ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਇਸ ਦੇ ਨਾਲ ਹੀ ਤਿੰਨ ਮਹੀਨਿਆਂ ਬਾਅਦ ਜਦੋਂ ਉਨ੍ਹਾਂ ਨੂੰ ਜ਼ਮਾਨਤ ਮਿਲੀ ਤਾਂ ਇੱਕ ਹੋਰ ਕੇਸ ਦਰਜ ਕਰ ਲਿਆ ਗਿਆ। ਹਾਲਾਂਕਿ ਹੁਣ ਉਹ ਜ਼ਮਾਨਤ 'ਤੇ ਬਾਹਰ ਹਨ।

## HSGMC ਖਾਤੇ ਫ੍ਰੀਜ਼, ਗੁਰੂਘਰਾਂ ਦੇ ਰਾਸ਼ਨ ਤੋਂ ਲੈ ਕੇ ਵਿੱਦਿਅਕ ਸੰਸਥਾਵਾਂ 'ਤੇ ਭਾਰੀ ਸੰਕਟ, ਨਹੀਂ ਮਿਲ ਰਹੀਆਂ ਤਨਖਾਹਾਂ, ਹੜਤਾਲ 'ਤੇ ਬੈਠੇ ਕਰਮਚਾਰੀ

**ਚੰਡੀਗੜ੍ਹ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਐਚਐਸਜੀਐਮਸੀ ਦੁਆਰਾ ਚਲਾਏ ਜਾ ਰਹੇ ਰਾਜ ਦੇ ਗੁਰਦੁਆਰਿਆਂ ਅਤੇ ਸਕੂਲਾਂ ਅਤੇ ਕਾਲਜਾਂ ਵਿੱਚ ਭਾਰੀ ਸੰਕਟ ਚੱਲ ਰਿਹਾ ਹੈ। ਜਦੋਂ HSGMC ਦੇ ਖਾਤੇ ਫ੍ਰੀਜ਼ ਕੀਤੇ ਗਏ ਤਾਂ HSGMC ਦੇ ਸੂਬਾ ਪੱਧਰੀ ਦਫਤਰ ਦੇ ਕਰਮਚਾਰੀ ਕੰਮ ਛੱਡ ਕੇ ਹੜਤਾਲ 'ਤੇ ਚਲੇ ਗਏ। ਖਾਤੇ ਫਰੀਜ਼ ਕਰਨ ਤੋਂ ਬਾਅਦ ਅਜੇ ਤੱਕ ਕਿਸੇ ਵੀ ਮੁਲਾਜ਼ਮ ਨੂੰ ਤਨਖਾਹ ਨਹੀਂ



ਮਿਲੀ। ਇਸ ਤੋਂ ਨਾਰਾਜ਼ ਇਨ੍ਹਾਂ ਮੁਲਾਜ਼ਮਾਂ ਨੇ ਸੂਬਾ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਜੇਕਰ ਇਸ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਉਹ ਸੜਕਾਂ 'ਤੇ ਉਤਰ ਕੇ ਸੂਬਾ ਸਰਕਾਰ ਅਤੇ ਸੂਬੇ ਦੇ ਮੁੱਖ ਮੰਤਰੀ ਦਾ ਘਿਰਾਓ ਕਰਨਗੇ। ਐਚਐਸਜੀਐਮਸੀ ਦੇ ਸੂਬਾ ਪੱਧਰੀ ਦਫ਼ਤਰ ਵਿੱਚ 61 ਕਰਮਚਾਰੀ ਅਤੇ 42 ਧਰਮ ਪ੍ਰਚਾਰ ਕਰਮਚਾਰੀ ਕੰਮ ਕਰਦੇ ਹਨ, ਜਿਨ੍ਹਾਂ ਨੂੰ ਤਨਖ਼ਾਹਾਂ ਨਾ ਮਿਲਣ ਕਾਰਨ ਇਹ ਸਾਰੇ ਅੱਜ ਆਪਣਾ ਕੰਮ ਛੱਡ ਕੇ ਹੜਤਾਲ 'ਤੇ ਚਲੇ ਗਏ।

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 22 ਤੋਂ 25 ਲੱਖ ਰੁਪਏ ਦੇ ਤਨਖ਼ਾਹ ਖਾਤੇ ਫ੍ਰੀਜ਼ ਕੀਤੇ ਜਾਣ ਕਾਰਨ ਸੂਬਾ ਪੱਧਰੀ ਦਫ਼ਤਰ ਦੇ ਮੁਲਾਜ਼ਮ ਹੜਤਾਲ 'ਤੇ ਚਲੇ ਗਏ। ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੂਬੇ ਵਿੱਚ ਦੋ ਕਾਲਜ ਅਤੇ ਦੋ ਸਕੂਲ ਵੀ ਚਲਾਏ ਜਾ ਰਹੇ ਹਨ, ਜਿਨ੍ਹਾਂ ਦੇ ਖਾਤੇ ਫਰੀਜ਼ ਹੋਣ ਕਾਰਨ ਇਹ ਵੀ ਮੁਸੀਬਤ ਵਿੱਚ ਹਨ, ਉਥੇ ਹੀ ਸੂਬੇ ਦੇ ਗੁਰਦੁਆਰਿਆਂ ਅੰਦਰ ਚੱਲ ਰਹੇ ਕੜਾਹ ਪ੍ਰਸ਼ਾਦ ਅਤੇ ਗੁਰੂ ਕਾ ਲੰਗਰ ਵੀ ਮੁਸ਼ਕਲ ਵਿੱਚ ਹਨ। ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ 'ਚ ਸੂਬੇ ਭਰ 'ਚ 700 ਤੋਂ 800 ਮੁਲਾਜ਼ਮ ਕੰਮ ਕਰਦੇ ਹਨ, ਹੁਣ ਖਾਤੇ ਫਰੀਜ਼ ਹੋਣ ਕਾਰਨ ਇਨ੍ਹਾਂ ਸਾਰਿਆਂ 'ਤੇ ਸੰਕਟ ਮੰਡਰਾ ਰਿਹਾ ਹੈ ਕਿ ਆਖਿਰ ਉਨ੍ਹਾਂ ਨੂੰ ਤਨਖਾਹ ਕਦੋਂ ਮਿਲੇਗੀ। ਕਿਸ ਤਰ੍ਹਾਂ ਉਹ ਆਪਣੇ ਬੱਚਿਆਂ ਦਾ ਸਕੂਲਾਂ ਦੇ ਵਿੱਚ ਦਾਖਲਾ ਕਰਵਾਉਣਗੇ। ਇਸ ਤੋਂ ਇਲਾਵਾ ਘਰ ਦੇ ਵਿੱਚ ਰਾਸ਼ਨ ਨਹੀਂ ਅਤੇ ਨਹੀਂ ਹੀ ਕੋਈ ਦਵਾਈ ਲੈਣ ਲਈ ਪੈਸੇ ਹਨ। ਹਰ ਮਹੀਨੇ ਦੀ 2 ਤੋਂ 3 ਤਰੀਕ ਤੱਕ ਸੂਬੇ ਭਰ ਦੇ ਮੁਲਾਜ਼ਮਾਂ ਦੀਆਂ ਤਨਖਾਹਾਂ ਉਨ੍ਹਾਂ ਦੇ ਖਾਤਿਆਂ 'ਚ ਜਮ੍ਹਾ ਹੋ ਜਾਂਦੀਆਂ ਸਨ ਪਰ ਖਾਤੇ ਫਰੀਜ਼ ਹੋਣ ਕਾਰਨ ਅਜੇ ਤੱਕ ਕਿਸੇ ਦੀ ਵੀ ਤਨਖਾਹ ਉਨ੍ਹਾਂ ਦੇ ਖਾਤਿਆਂ 'ਚ ਜਮ੍ਹਾ ਨਹੀਂ ਹੋ ਸਕੀ ਹੈ। ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੂਬਾ ਪੱਧਰੀ ਦਫ਼ਤਰ ਦੇ ਮੁਲਾਜ਼ਮਾਂ ਨੇ ਕੰਮ ਛੱਡ ਕੇ ਹੜਤਾਲ ਸ਼ੁਰੂ ਕਰ ਦਿੱਤੀ।

## ਸ੍ਰੀ ਹਰਿਮੰਦਰ ਸਾਹਿਬ ਆ ਕੇ ਪੂਰੀ ਹੋਈ ਯੂ. ਕੇ. ਤੋਂ ਆਏ ਪਰਿਵਾਰ ਦੀ ਅਰਦਾਸ, ਬੋਲਣ ਲੱਗਾ ਪੁੱਤ



**ਅੰਮ੍ਰਿਤਸਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਹਿੰਦੇ ਨੇ ਸ੍ਰੀ ਗੁਰੂ ਰਾਮਦਾਸ ਜੀ ਦਰ 'ਤੇ ਸੱਚੇ ਦਿਲੋਂ ਕੀਤੀ ਅਰਦਾਸ ਜ਼ਰੂਰ ਪੂਰੀ ਹੁੰਦੀ ਹੈ। ਯੂ. ਕੇ. ਤੋਂ ਆਏ ਪਰਿਵਾਰ ਵੱਲੋਂ ਗੁਰੂ ਘਰ ਕੀਤੀਆਂ ਅਰਦਾਸਾਂ ਪ੍ਰਵਾਨ ਹੋਈਆਂ ਅਤੇ ਪਰਿਵਾਰ ਦਾ ਪੁੱਤਰ ਬੋਲਣ ਲੱਗ ਗਿਆ। ਪਰਿਵਾਰ ਨੇ ਸ਼ੁਕਰਾਨੇ ਵੱਜੋਂ ਗੁਰੂ ਘਰ ਵਿਚ ਟ੍ਰੈਕਟਰ ਭੇਟ ਕੀਤਾ। ਇਸ ਦੌਰਾਨ ਬੱਚੇ ਦੇ ਪਰਿਵਾਰ ਨੇ ਕਿਹਾ ਕਿ ਉਨ੍ਹਾਂ ਦਾ ਪੁੱਤਰ ਬੋਲਣ ਤੋਂ ਅਸਮਰੱਥ ਸੀ ਅਤੇ ਉਨ੍ਹਾਂ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਅਰਦਾਸ ਕਰਵਾਈ ਅਤੇ ਸ੍ਰੀ ਅਖੰਡ ਪਾਠ ਸਾਹਿਬ ਰਖਵਾਇਆ, ਜਿਸ ਤੋਂ ਥੋੜੇ ਸਮੇਂ ਬਾਅਦ ਉਨ੍ਹਾਂ ਦਾ ਪੁੱਤਰ ਬੋਲਣ ਲੱਗ ਗਿਆ। ਬੱਚੇ ਦੀ ਮਾਤਾ ਨੇ ਨਮ ਅੱਖਾਂ ਨਾਲ ਕਿਹਾ ਕਿ ਉਹ ਸ੍ਰੀ ਗੁਰੂ ਰਾਮਦਾਸ ਜੀ ਦਾ ਸ਼ੁਕਰਾਨਾ ਕਰਦੇ ਹਨ ਜਿਨ੍ਹਾਂ ਦੀ ਅਪਾਰ ਕ੍ਰਿਪਾ ਸਦਕਾ ਅੱਜ ਉਨ੍ਹਾਂ ਦੇ ਪੁੱਤਰ ਨੂੰ ਆਵਾਜ਼ ਮਿਲੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਘਰ ਵਿਚ ਵੀ ਬੱਚੇ ਨੂੰ ਬਾਣੀ ਉਚਾਰਨ ਕਰਵਾਉਣ ਦੇ ਨਾਲ ਨਾਲ ਗੁਰੂ ਘਰ ਨਾਲ ਜੋੜਿਆ ਸੀ, ਜਿਸ ਸਦਕਾ ਅੱਜ ਗੁਰੂ ਸਾਹਿਬਾਨ ਨੇ ਕ੍ਰਿਪਾ ਕੀਤੀ ਹੈ। ਇਸ ਮੌਕੇ ਐੱਸ. ਜੀ. ਪੀ. ਸੀ. ਵੱਲੋਂ ਪਰਿਵਾਰ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਦੌਰਾਨ ਐੱਸਜੀਪੀਸੀ ਮੈਂਬਰਾਂ ਨੇ ਕਿਹਾ ਕਿ ਇਹ ਪਰਿਵਾਰ ਹਰ ਮਹੀਨੇ ਗੁਰੂ ਘਰ ਆਉਂਦਾ ਸੀ। ਪਰਿਵਾਰ ਨੇ ਬੱਚੇ ਰਾਜਬੀਰ ਸਿੰਘ ਲਈ ਇੱਥੇ ਅਰਦਾਸ ਕਰਵਾਈ ਸੀ, ਗੁਰੂ ਨੇ ਕ੍ਰਿਪਾ ਕੀਤੀ ਅਤੇ ਪੁੱਤਰ ਬੋਲਣ ਲੱਗ ਗਿਆ। ਅੱਜ ਪਰਿਵਾਰ ਨੇ ਸ੍ਰੀ ਦਰਬਾਰ ਸਾਹਿਬ ਅਰਦਾਸ ਪੂਰੀ ਹੋਣ 'ਤੇ ਟ੍ਰੈਕਟਰ ਭੇਟ ਕੀਤਾ ਹੈ। ਉਨ੍ਹਾਂ ਕਿਹਾ ਕਿ ਦੁਨੀਆ ਦੇ ਕਿਸੇ ਵੀ ਕੋਨੇ ਵਿਚੋਂ ਜੇ ਕੋਈ ਸੱਚੇ ਮਨ ਨਾਲ ਗੁਰੂ ਰਾਮਦਾਸ ਜੀ ਦੇ ਦਰ 'ਤੇ ਅਰਦਾਸ ਕਰਦਾ ਹੈ ਤਾਂ ਉਸ ਦੀ ਮੁਰਾਦ ਜ਼ਰੂਰ ਪੂਰੀ ਹੁੰਦੀ ਹੈ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਤਲਾਸ਼ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।


ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਕਾਇਮ ਦੇ ਪਾਠੀ, ਗਿਆਨੀ, ਰਾਗੀ, ਗਤਕਾ ਸਿਖਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਹਾਸਲ ਕਰ ਸਕਣ (ਇਸ ਤੋਂ ਇਲਾਵਾ ਇੱਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖੋਜ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਗਤੀਵਿਧੀਆਂ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ ,ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਦਸਵੰਧ ਦਾ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ ਇਹ ਜਗ੍ਹਾ £650,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫ਼ਲ ਕਰੋ ਜੀ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵਜੋਂ ਜ਼ਰੂਰ ਲਿਖੋ ਜੀ। ਧੰਨਵਾਦ।

Stay Connected:
email: info@damdamitaksal.co.uk


DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

# ਜੂਨ '84 ਦੇ 40 ਸਾਲ : ਸਿੱਖ ਸੰਸਾਰ ਭਰ ਵਿਚ ਸਮਾਗਮਾਂ ਦੀਆਂ ਲੜੀਆਂ ਚਲਾਉਣ: ਪੰਥ ਸੇਵਕ ਸਖਸ਼ੀਅਤਾਂ



ਜੂਨ 1984 ਵਿਚ ਇੰਡੀਅਨ ਸਟੇਟ ਵੱਲੋਂ ਸ੍ਰੀ ਦਰਬਾਰ ਸਾਹਿਬ ਅਤੇ ਹੋਰਨਾਂ ਗੁਰਧਾਮਾਂ ਉੱਤੇ ਕੀਤਾ ਗਿਆ ਫੌਜੀ ਹਮਲਾ ਸਿੱਖ ਇਤਿਹਾਸ ਦਾ ਤੀਜਾ ਘੱਲੂਘਾਰਾ ਹੈ।ਬਿਪਰਵਾਦੀ ਦਿੱਲੀ ਹਕੂਮਤ ਨੇ ਸਿੱਖਾਂ ਨਾਲ ਆਪਣਾ ਪੰਜ ਸਦੀਆਂ ਦਾ ਵੈਰ ਫੌਜੀ ਹਮਲੇ ਦੇ ਰੂਪ ਵਿਚ ਪਰਗਟ ਕੀਤਾ ਸੀ ਅਤੇ ਖਾਲਸਾ ਪੰਥ ਦੇ ਯੌਧਿਆਂ ਨੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਵਿਚ ਗੁਰਧਾਮਾਂ ਦੀ ਅਜ਼ਮਤ ਲਈ ਸ਼ਹਾਦਤਾਂ ਪਾ ਕੇ ਖਾਲਸਾ ਪੰਥ ਦੀ ਇਤਿਹਾਸਕ ਪੈੜ ਅੱਜ ਦੇ ਸਮੇਂ ਵਿਚ ਮੁੜ ਪਰਗਟ ਕੀਤੀ। ਤੀਜੇ ਘੱਲੂਘਾਰੇ ਅਤੇ ਜੂਨ 1984 ਦੀ ਸ੍ਰੀ ਅੰਮ੍ਰਿਤਸਰ ਦੀ ਜੰਗ ਦੇ ਸ਼ਹੀਦਾਂ ਦਾ ਇਤਿਹਾਸ ਸਾਡੇ ਲਈ ਸਦਾ ਪ੍ਰੇਰਣਾ ਦਾ ਸਰੋਤ ਰਹੇਗਾ। ਨੌਜਵਾਨ ਪੀੜ੍ਹੀ ਨੂੰ ਇਸ ਸ਼ਾਨਾਂਮਤੇ ਇਤਿਹਾਸ ਤੋਂ ਜਾਣੂ ਕਰਵਾਉਣ ਲਈ ਸਿੱਖ ਸੰਗਤਾਂ ਸੰਸਾਰ ਭਰ ਵਿਚ ਸਮਾਮਗਾਂ ਦੀਆਂ ਲੜੀਆਂ ਚਲਾਉਣ। ਇਸ ਵੇਲੇ ਸਿੱਖ ਸਫਾਂ ਅੰਦਰੂਨੀ ਖਿੰਡਾਓ ਦੇ ਹਾਲਾਤ ਵਿਚ ਹਨ ਅਤੇ ਕਿਸੇ ਸਰਬਪ੍ਰਵਾਣਤ ਸਾਂਝੀ ਅਗਵਾਈ ਦੀ ਅਣਹੋਂਦ ਵਿਚ ਇਹ ਜਿੰਮੇਵਾਰੀ ਸਥਾਨਕ ਸੰਗਤਾਂ ਅਤੇ ਜਥਿਆਂ ਉੱਤੇ ਹੈ ਕਿ ਉਹ ਆਪਣੇ-ਆਪਣੇ ਪੱਧਰ ਉੱਤੇ ਆਪਣੇ ਕਾਰਜ-ਖੇਤਰਾਂ ਵਿਚ ਤੀਜੇ ਘੱਲੂਘਾਰੇ ਦੀ 40ਵੀਂ ਵਰ੍ਹੇਗੰਢ ਮੌਕੇ ਸ਼ਹੀਦੀ ਸਮਾਗਮ, ਗੁਰਮਤਿ ਸਮਾਗਮ, ਸੈਮੀਨਾਰ, ਵਿਚਾਰ-ਗੋਸ਼ਟੀਆਂ ਅਤੇ ਹੋਰ ਅਜਿਹੇ ਸਮਾਗਮ ਉਲੀਕਣ ਜਿਸ ਨਾਲ ਆਪਣੀ ਨੌਜਵਾਨ ਪੀੜ੍ਹੀ ਅਤੇ ਸੰਸਾਰ ਸਾਹਮਣੇ ਘੱਲੂਘਾਰੇ ਦਾ ਸੱਚ ਤੇ ਸ਼ਹੀਦਾਂ ਦਾ ਪ੍ਰੇਰਣਾਮਈ ਇਤਿਹਾਸ ਰੱਖਿਆ ਜਾ ਸਕੇ। ਇਸ ਵੇਲੇ ਸੰਸਾਰ ਵਿਚ ਉਥਲ-ਪੁਥਲ ਦਾ ਮਹੌਲ ਹੈ ਤੇ ਆਲਮੀ ਨਿਜ਼ਾਮ ਵਿਚ ਤਬਦੀਲੀਆਂ ਦੀ ਕਸ਼ਮਕਸ਼ ਚੱਲ ਰਹੀ ਹੈ।ਅਜਿਹੇ ਵਿਚ ਪੰਜਾਬ ਆਪਣੇ ਭੂ-ਰਣਨੀਤਕ (ਜੀਓ-ਪੁਲਿਟਿਕਲ) ਸਥਿਤੀ ਕਰਕੇ ਅਤੇ ਸਿੱਖ ਆਪਣੇ ਰਾਜਨੀਤਕ ਇਤਿਹਾਸ ਕਰਕੇ ਆਲਮੀ ਅਹਿਮੀਅਤ ਅਖਤੀਆਰ ਕਰ ਗਏ ਹਨ।ਅਜਿਹੇ ਮੌਕੇ ਸਿੱਖਾਂ ਲਈ ਭਵਿੱਖ ਬਾਰੇ ਵਿਚਾਰ-ਵਟਾਂਦਰਾ ਕਰਨਾ ਬਹੁਤ ਜਰੂਰੀ ਹੈ। ਇਸ ਵਾਸਤੇ ਘੱਲੂਘਾਰੇ ਦੀ 40ਵੀਂ ਯਾਦ ਮੌਕੇ ਸੰਗਤਾਂ ਮੌਜੂਦਾ ਹਾਲਾਤ ਦੀ ਪੜਚੋਲ ਅਤੇ ਭਵਿੱਖ ਦੀ ਸੇਧ ਮਿੱਥਣ ਲਈ ਉਚੇਚੀਆਂ ਵਿਚਾਰ-ਚਰਚਾਵਾਂ ਕਰਵਾਉਣ ਤਾਂ ਕਿ ਅਸੀਂ ਭਵਿੱਖ ਬਾਰੇ ਸਾਂਝੀ ਤਜਵੀਜ਼ਤ ਸੇਧ ਉਭਾਰ ਸਕੀਏ।

ਆਵਾਜ਼ਿ ਕੌਮ AWAZE QAUM
International Newspaper & WEB TV

**ਸ਼ਹੀਦਾਂ ਦੀ ਯਾਦ ਨੌਜਵਾਨ ਪੀੜੀ ਤੱਕ ਪਹੁੰਚਾਈ ਜਾਵੇ ਤੇ ਆਪਸੀ ਵਿਚਾਰ-ਵਟਾਂਦਰੇ ਦਾ ਮਹੌਲ ਸਿਰਜਿਆ ਜਾਵੇ**

ਇਸ ਮੌਕੇ ਭਾਈ ਦਲਜੀਤ ਸਿੰਘ, ਭਾਈ ਨਰਾਇਣ ਸਿੰਘ, ਭਾਈ ਲਾਲ ਸਿੰਘ ਅਕਾਲਗੜ੍ਹ, ਭਾਈ ਭੁਪਿੰਦਰ ਸਿੰਘ ਭਲਵਾਨ, ਭਾਈ ਸਤਨਾਮ ਸਿੰਘ ਖੰਡੇਵਾਲਾ, ਭਾਈ ਹਰਦੀਪ ਸਿੰਘ ਮਹਿਰਾਜ, ਭਾਈ ਸਤਨਾਮ ਸਿੰਘ ਝੰਜੀਆਂ, ਭਾਈ ਸੁਖਦੇਵ ਸਿੰਘ ਡੋਡ, ਭਾਈ ਅਮਰੀਕ ਸਿੰਘ ਈਸੜੂ, ਭਾਈ ਰਾਜਿੰਦਰ ਸਿੰਘ ਮੁਗਲਵਾਲ ਅਤੇ ਭਾਈ ਮਨਜੀਤ ਸਿੰਘ ਫਗਵਾੜਾ ਆਦਿ ਹਾਜ਼ਰ ਸਨ।

24 SERVICE EVERYDAY HOURS
PURE AND NATURAL 100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi
ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼
ਮੁਕਤਾ ਾ ਕੰਨਾ ਿ ਸਿਹਾਰੀ ੀ ਬਿਹਾਰੀ
ੁ ਔਂਕੜ ੂ ਦੁਲੈਂਕੜ ੇ ਲਾਂ ੈ ਦੁਲਾਵਾਂ
ੋ ਹੋੜਾ ੌ ਕਨੌੜਾ ੰ ਟਿੱਪੀ ਾਂ ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI

# ਮੈਲਬੌਰਨ ਕਬੱਡੀ ਅਕੈਡਮੀ ਨੇ 36 ਵੀ ਸਿੱਖ ਖੇਡਾਂ ਤੇ ਗੱਡੇ ਜਿੱਤ ਦੇ ਝੰਡੇ

## ਸਾਡਾ ਪ੍ਰਦਰਸ਼ਨ ਆਲ ਓਵਰ ਸ਼ਾਨਦਾਰ ਰਿਹਾ - ਬਾਸੀ ਭਲਵਾਨ


**ਆਸਟਰੇਲੀਆ ਨਕੋਦਰ ਮਹਿਤਪੁਰ 10 ਅਪ੍ਰੈਲ(ਹਰਜਿੰਦਰ ਪਾਲ ਛਾਬੜਾ)-** ਪਿਛਲੇ ਦਿਨੀਂ ਆਸਟਰੇਲੀਆ ਦੇ ਐਡੀਲੇਡ ਸ਼ਹਿਰ ਵਿਖੇ 36ਵੀ ਸਿੱਖ ਖੇਡਾਂ ਸਾਨੋ ਸ਼ੌਕਤ ਨਾਲ ਸਪੰਨ ਹੋਈਆ। ਜਿਸ ਵਿਚ ਖੇਡਾਂ ਦੀਆਂ ਵੱਖ ਵੱਖ ਵਨਗੀਆਂ ਦੇਖਣ ਨੂੰ ਮਿਲੀਆਂ।ਜਿਸ ਵਿਚ ਕਬੱਡੀ ਤੋਂ ਇਲਾਵਾਂ ਹੋਰਨਾਂ ਖੇਡਾਂ ਦੇ ਮੁਕਾਬਲੇ ਵੀ ਦੇਖਣ ਨੂੰ ਮਿਲੇ। ਪਿਛਲੇ ਕਈ ਦਹਾਕਿਆਂ ਤੋਂਆਸਟਰੇਲੀਆ ਵਿਚ ਖੇਡਾਂ ਨੂੰ ਪ੍ਰਫੁੱਲਿਤ ਕਰ ਰਹੇ ਸ੍ਰ ਕੁਲਦੀਪ ਸਿੰਘ ਬਾਸੀ ਭਲਵਾਨ ਦੀ ਅਗਵਾਈ ਵਾਲੀ ਮੈਲਬੌਰਨ ਕਬੱਡੀ ਅਕੈਡਮੀ ਨੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਇਹਨਾਂ ਖੇਡਾਂ ਵਿਚ ਆਪਣੀ ਸਰਦਾਰੀ ਕਾਇਮ ਕੀਤੀ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਬਾਸੀ ਭਲਵਾਨ ਨੇ ਦੱਸਿਆ ਕਿ ਸਿੱਖ ਖੇਡਾਂ ਆਸਟਰੇਲੀਆ ਦੇ ਇਤਿਹਾਸ ਵਿਚ ਪੰਜਾਬੀ ਸੱਭਿਆਚਾਰ ਦੀ ਸ਼ਾਨ ਹਨ।ਜੋ ਇਸ ਵਾਰੀ ਐਡੀਲੇਡ ਵਿਖੇ ਹੋਈਆ ਹਨ। ਜਿਸ ਵਿਚ ਮੈਲਬੌਰਨ ਕਬੱਡੀ ਅਕੈਡਮੀ ਨੇ ਕਬੱਡੀ ਓਪਨ, ਨੈੱਟਬਾਲ ਲੜਕੀਆਂ ਦੀਆਂ ਟੀਮਾਂ ਉਤਾਰੀਆਂ ਸਨ। ਜਿਸ ਵਿਚ ਕਬੱਡੀ ਓਪਨ ਮੁਕਾਬਿਲਆਂ ਵਿਚ ਸਾਡੀ ਟੀਮ ਦੂਜੇ ਸਥਾਨ ਤੇ ਰਹੀ। ਜਿਸ ਵਿਚ ਸੰਸਾਰ ਪ੍ਰਸਿੱਧ ਕਬੱਡੀ ਖ਼ਿਡਾਰੀ ਸਨੀ ਕਾਲਾ ਸੰਘਿਆਂ, ਫੌਜੀ ਸੀਹੋਂ ਮਾਜਰਾ, ਰੇਡਰ ਗਗਨ ਜੋਗੇਵਾਲ, ਲੱਡਾ ਬੱਲਪੁਰ, ਮੰਨਾ ਬੱਲ ਨੌ ਆਦਿ ਨੇ ਬਹੁਤ ਜਬਰਦਸਤ ਖੇਡ ਦਿਖਾਈ।ਨੈਟਬਾਲ ਅੰਡਰ 13 ਲੜਕੀਆਂ ਵਿਚ ਦੂਜਾ ਸਥਾਨ, ਅੰਡਰ 15 ਸਾਲ ਲੜਕੀਆਂ ਤੀਜਾ ਸਥਾਨ, ਓਪਨ ਲੜਕੀਆਂ ਵਿਚ ਦੂਜਾ ਸਥਾਨ ਰਿਹਾ। ਇਸ ਮੌਕੇ ਸ੍ਰ ਕੁਲਦੀਪ ਸਿੰਘ ਬਾਸੀ ਭਲਵਾਨ ਵਲੋਂ ਅੰਤਰਰਾਸ਼ਟਰੀ ਕਬੱਡੀ ਖਿਡਾਰਨ ਗੁਰਪ੍ਰੀਤ ਕੌਰ ਗੋਪੀ ਦਾ ਸੋਨੇ ਦੀ ਚੈਨ, ਬਲਜੀਤ ਕੌਰ ਔਲਖ ਸੋਨੇ ਦੀ ਮੁੰਦਰੀ, ਬੱਬੂ ਰੌਂਤਾ ਦਾ ਸੋਨੇ ਦੀ ਮੁੰਦਰੀ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੈਲਬੌਰਨ ਕਬੱਡੀ ਅਕੈਡਮੀ ਦੇ ਚੇਅਰਮੈਨ ਕੁਲਦੀਪ ਸਿੰਘ ਬਾਸੀ, ਪ੍ਰਧਾਨ ਸ੍ਰ ਹਰਦੇਵ ਸਿੰਘ ਗਿੱਲ, ਸੈਕਟਰੀ ਲਵਜੀਤ ਸਿੰਘ ਸੰਘਾ, ਸਹਾਇਕ ਸੈਕਟਰੀ ਤੀਰਥ ਸਿੰਘ ਪੱਡਾ, ਖਜਾਨਚੀ ਹਰਪਾਲ ਸਿੰਘ, ਸਹਾਇਕ ਖਜਾਨਚੀ ਮੀਕਾ ਮੱਲ੍ਹੀ, ਹਰਜਿੰਦਰ ਸਿੰਘ ਅਟਵਾਲ ਹਾਜ਼ਿਰ ਸਨ।






ਆਵਾਜ਼ਿ ਕੌਮ AWAZE QAUM
International Newspaper & WEB TV

ਪੰਥ ਦੀ ਸਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ

ਰੰਧਾਵਾ ਪਗੜੀ ਸੈਂਟਰ

ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# THE GURBANI SCHOOL

THE GURBANI SCHOOL

ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ
ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM
International Newspaper & WEB TV

## INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8
## EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

## AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

ੳ A अ
## MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥ ਖ਼ਾਲਸੇ ਮਹਿ ਹੌਂ ਕਰੌ ਨਿਵਾਸ ॥

ਖ਼ਾਲਸੇ ਦੇ ਪ੍ਰਗਟ ਦਿਹਾੜੇ ਅਤੇ ਵਿਸਾਖੀ ਪੁਰਬ
ਦੀਆਂ ਖੁਸ਼ੀਆਂ ਮਨਾਉਂਦੇ ਹੋਏ
**PBC SKY 775**
ਦੇ ਸਟੂਡਿਓ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ

**11,12 &13 APRIL**

ਨੂੰ ਕਰਵਾਏ ਜਾਣਗੇ।

ਆਪ ਸਭ ਜੀ ਨੂੰ ਬੇਨਤੀ ਹੈ ਕੇ ਪੰਥ ਦੀਆਂ ਇਹਨਾਂ ਖੁਸ਼ੀਆਂ ਲਈ ਅਤੇ ਪੰਥ ਤੇ ਘਰ ਪਰਿਵਾਰਾਂ ਦੀ ਚੜ੍ਹਦੀਕਲਾ ਲਈ ਅਰਦਾਸ ਵਿੱਚ ਸ਼ਾਮਲ ਹੋਣ ਲਈ ਆਪਣੇ ਨਾਮ ਲਿੱਖਵਾਓ ਜੀ ।

ਸੇਵਾਵਾਂ ਲਈ ਹੁਣੇ ਸੰਪਰਕ ਕਰੋ ਜੀ।

**0121 269 0064**

ਆਵਾਜ਼ਿ ਕੌਮ AWAZE QAUM International Newspaper & WEB TV

PBC sky775




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

## Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਧਾਰਮਿਕ ਸਮਾਗਮ

## 21 ਅਪ੍ਰੈਲ ਦਿਨ ਐਤਵਾਰ

### ⋆ ਪ੍ਰੋਗਰਾਮ ⋆

21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।

### ⋆ ਪ੍ਰਬੰਧਕ ਕਮੇਟੀ ⋆



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

**ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ**

**2-20 Tunbridge Street, Preston, Lancashire PR1 5YP**
**Contact : 01772-798 395/07958 683 500**

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।




## ਜੂਨ 1984 ਦੇ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਉੱਪਰ ਹੋਏ ਭਾਰਤੀ ਫ਼ੌਜੀ ਹਮਲੇ ਦੇ 40 ਸਾਲਾ ਨੂੰ ਸਮਰਪਿਤ

## ਖਾਲਿਸਤਾਨ ਜ਼ਿੰਦਾਬਾਦ

ਸੰਗਰਾਂਦ | ਪੂਰਨਮਾਸੀ | ਮੱਸਿਆ | ਸਰਕਾਰੀ ਛੁਟੀਆਂ

29 ਮਾਰਚ – ਗੁਡ ਫਰਾਇਡੇ
01 ਅਪ੍ਰੈਲ – ਈਸਟਰ ਮੰਡੇ
06 ਮਈ – ਮਈ ਬੈਂਕ ਹੌਲੀਡੇ
27 ਮਈ – ਸਪਰਿੰਗ ਬੈਂਕ ਹੌਲੀਡੇ
26 ਅਗਸਤ – ਬੈਂਕ ਹੌਲੀਡੇ
25 ਦਸੰਬਰ – ਕ੍ਰਿਸਮਸ ਹੌਲੀਡੇ
26 ਦਸੰਬਰ – ਬੌਕਸਿੰਗ ਹੌਲੀਡੇ
01 ਜਨਵਰੀ – ਨਵਾਂ ਸਾਲ

### ਫੱਗਣ – ਮਾਰਚ MARCH – ਚੇਤ

| | | | | | |
|---|---|---|---|---|---|
| ਐਤ Sun | 31 | 3 | 10 | 17 | 24 |
| ਸੋਮ Mon | ☬ | 4 | 11 | 18 | 25 |
| ਮੰਗਲ Tue | ☬ | 5 | 12 | 19 | 26 |
| ਬੁੱਧ Wed | ☬ | 6 | 13 | 20 | 27 |
| ਵੀਰ Thu | ☬ | 7 | 14 | 21 | 28 |
| ਸ਼ੁੱਕਰ Fri | 1 | 8 | 15 | 22 | 29 |
| ਸ਼ਨਿੱਚਰ Sat | 2 | 9 | 16 | 23 | 30 |

### ਚੇਤ – ਅਪ੍ਰੈਲ APRIL – ਵੈਸਾਖ

| | | | | | |
|---|---|---|---|---|---|
| ਐਤ Sun | ☬ | 7 | 14 | 21 | 28 |
| ਸੋਮ Mon | 1 | 8 | 15 | 22 | 29 |
| ਮੰਗਲ Tue | 2 | 9 | 16 | 23 | 30 |
| ਬੁੱਧ Wed | 3 | 10 | 17 | 24 | ☬ |
| ਵੀਰ Thu | 4 | 11 | 18 | 25 | ☬ |
| ਸ਼ੁੱਕਰ Fri | 5 | 12 | 19 | 26 | ☬ |
| ਸ਼ਨਿੱਚਰ Sat | 6 | 13 | 20 | 27 | ☬ |

### ਵੈਸਾਖ – ਮਈ MAY – ਜੇਠ

| | | | | | |
|---|---|---|---|---|---|
| ਐਤ Sun | ☬ | 5 | 12 | 19 | 26 |
| ਸੋਮ Mon | ☬ | 6 | 13 | 20 | 27 |
| ਮੰਗਲ Tue | ☬ | 7 | 14 | 21 | 28 |
| ਬੁੱਧ Wed | 1 | 8 | 15 | 22 | 29 |
| ਵੀਰ Thu | 2 | 9 | 16 | 23 | 30 |
| ਸ਼ੁੱਕਰ Fri | 3 | 10 | 17 | 24 | 31 |
| ਸ਼ਨਿੱਚਰ Sat | 4 | 11 | 18 | 25 | ☬ |

### ਜੇਠ – ਜੂਨ JUNE – ਹਾੜ

| | | | | | |
|---|---|---|---|---|---|
| ਐਤ Sun | 30 | 2 | 9 | 16 | 23 |
| ਸੋਮ Mon | ☬ | 3 | 10 | 17 | 24 |
| ਮੰਗਲ Tue | ☬ | 4 | 11 | 18 | 25 |
| ਬੁੱਧ Wed | ☬ | 5 | 12 | 19 | 26 |
| ਵੀਰ Thu | ☬ | 6 | 13 | 20 | 27 |
| ਸ਼ੁੱਕਰ Fri | ☬ | 7 | 14 | 21 | 28 |
| ਸ਼ਨਿੱਚਰ Sat | 1 | 8 | 15 | 22 | 29 |

### ਹਾੜ – ਜੁਲਾਈ JULY – ਸਾਵਣ

| | | | | | |
|---|---|---|---|---|---|
| ਐਤ Sun | ☬ | 7 | 14 | 21 | 28 |
| ਸੋਮ Mon | 1 | 8 | 15 | 22 | 29 |
| ਮੰਗਲ Tue | 2 | 9 | 16 | 23 | 30 |
| ਬੁੱਧ Wed | 3 | 10 | 17 | 24 | 31 |
| ਵੀਰ Thu | 4 | 11 | 18 | 25 | ☬ |
| ਸ਼ੁੱਕਰ Fri | 5 | 12 | 19 | 26 | ☬ |
| ਸ਼ਨਿੱਚਰ Sat | 6 | 13 | 20 | 27 | ☬ |

### ਸਾਵਣ – ਅਗਸਤ AUGUST – ਭਾਦੋਂ

| | | | | | |
|---|---|---|---|---|---|
| ਐਤ Sun | ☬ | 4 | 11 | 18 | 25 |
| ਸੋਮ Mon | ☬ | 5 | 12 | 19 | 26 |
| ਮੰਗਲ Tue | ☬ | 6 | 13 | 20 | 27 |
| ਬੁੱਧ Wed | ☬ | 7 | 14 | 21 | 28 |
| ਵੀਰ Thu | 1 | 8 | 15 | 22 | 29 |
| ਸ਼ੁੱਕਰ Fri | 2 | 9 | 16 | 23 | 30 |
| ਸ਼ਨਿੱਚਰ Sat | 3 | 10 | 17 | 24 | 31 |

### ਭਾਦੋਂ – ਸਤੰਬਰ SEPTEMBER – ਅੱਸੂ

| | | | | | |
|---|---|---|---|---|---|
| ਐਤ Sun | 1 | 8 | 15 | 22 | 29 |
| ਸੋਮ Mon | 2 | 9 | 16 | 23 | 30 |
| ਮੰਗਲ Tue | 3 | 10 | 17 | 24 | ☬ |
| ਬੁੱਧ Wed | 4 | 11 | 18 | 25 | ☬ |
| ਵੀਰ Thu | 5 | 12 | 19 | 26 | ☬ |
| ਸ਼ੁੱਕਰ Fri | 6 | 13 | 20 | 27 | ☬ |
| ਸ਼ਨਿੱਚਰ Sat | 7 | 14 | 21 | 28 | ☬ |

### ਅੱਸੂ – ਅਕਤੂਬਰ OCTOBER – ਕੱਤਕ

| | | | | | |
|---|---|---|---|---|---|
| ਐਤ Sun | ☬ | 6 | 13 | 20 | 27 |
| ਸੋਮ Mon | ☬ | 7 | 14 | 21 | 28 |
| ਮੰਗਲ Tue | 1 | 8 | 15 | 22 | 29 |
| ਬੁੱਧ Wed | 2 | 9 | 16 | 23 | 30 |
| ਵੀਰ Thu | 3 | 10 | 17 | 24 | 31 |
| ਸ਼ੁੱਕਰ Fri | 4 | 11 | 18 | 25 | ☬ |
| ਸ਼ਨਿੱਚਰ Sat | 5 | 12 | 19 | 26 | ☬ |

### ਕੱਤਕ – ਨਵੰਬਰ NOVEMBER – ਮੱਘਰ

| | | | | | |
|---|---|---|---|---|---|
| ਐਤ Sun | ☬ | 3 | 10 | 17 | 24 |
| ਸੋਮ Mon | ☬ | 4 | 11 | 18 | 25 |
| ਮੰਗਲ Tue | ☬ | 5 | 12 | 19 | 26 |
| ਬੁੱਧ Wed | ☬ | 6 | 13 | 20 | 27 |
| ਵੀਰ Thu | ☬ | 7 | 14 | 21 | 28 |
| ਸ਼ੁੱਕਰ Fri | 1 | 8 | 15 | 22 | 29 |
| ਸ਼ਨਿੱਚਰ Sat | 2 | 9 | 16 | 23 | 30 |

### ਮੱਘਰ – ਦਸੰਬਰ DECEMBER – ਪੋਹ

| | | | | | |
|---|---|---|---|---|---|
| ਐਤ Sun | 1 | 8 | 15 | 22 | 29 |
| ਸੋਮ Mon | 2 | 9 | 16 | 23 | 30 |
| ਮੰਗਲ Tue | 3 | 10 | 17 | 24 | 31 |
| ਬੁੱਧ Wed | 4 | 11 | 18 | 25 | ☬ |
| ਵੀਰ Thu | 5 | 12 | 19 | 26 | ☬ |
| ਸ਼ੁੱਕਰ Fri | 6 | 13 | 20 | 27 | ☬ |
| ਸ਼ਨਿੱਚਰ Sat | 7 | 14 | 21 | 28 | ☬ |

### ਪੋਹ – ਜਨਵਰੀ JANUARY 2025 – ਮਾਘ

| | | | | | |
|---|---|---|---|---|---|
| ਐਤ Sun | ☬ | 5 | 12 | 19 | 26 |
| ਸੋਮ Mon | ☬ | 6 | 13 | 20 | 27 |
| ਮੰਗਲ Tue | ☬ | 7 | 14 | 21 | 28 |
| ਬੁੱਧ Wed | 1 | 8 | 15 | 22 | 29 |
| ਵੀਰ Thu | 2 | 9 | 16 | 23 | 30 |
| ਸ਼ੁੱਕਰ Fri | 3 | 10 | 17 | 24 | 31 |
| ਸ਼ਨਿੱਚਰ Sat | 4 | 11 | 18 | 25 | ☬ |

### ਮਾਘ – ਫਰਵਰੀ FEBRUARY 2025 – ਫੱਗਣ

| | | | | | |
|---|---|---|---|---|---|
| ਐਤ Sun | ☬ | 2 | 9 | 16 | 23 |
| ਸੋਮ Mon | ☬ | 3 | 10 | 17 | 24 |
| ਮੰਗਲ Tue | ☬ | 4 | 11 | 18 | 25 |
| ਬੁੱਧ Wed | ☬ | 5 | 12 | 19 | 26 |
| ਵੀਰ Thu | ☬ | 6 | 13 | 20 | 27 |
| ਸ਼ੁੱਕਰ Fri | ☬ | 7 | 14 | 21 | 28 |
| ਸ਼ਨਿੱਚਰ Sat | 1 | 8 | 15 | 22 | ☬ |

## ਸਿੱਖ ਕੌਮ ਦੇ ਅਹਿਮ-ਦਿਹਾੜੇ

**ਮਾਰਚ**
14 ਸੰਗਰਾਂਦ - ਨਵਾਂ ਸਾਲ ਸੰਮਤ ਨਾਨਕਸ਼ਾਹੀ 556 ਆਰੰਭ (ਚੇਤ)
14 ਸਿੱਖ ਵਾਤਾਵਰਣ ਦਿਵਸ
15 ਸ. ਬਘੇਲ ਸਿੰਘ ਵਲੋਂ ਦਿੱਲੀ ਫ਼ਤਿਹ
23 ਸ਼ਹੀਦੀ ਸ.ਭਗਤ ਸਿੰਘ
25 ਸ਼ਹੀਦੀ ਭਾਈ ਸੁਬੇਗ ਸਿੰਘ, ਭਾਈ ਸ਼ਾਹਬਾਜ਼ ਸਿੰਘ
26 ਹੋਲਾ ਮਹੱਲਾ

**ਅਪ੍ਰੈਲ**
07 ਗੁਰਿਆਈ ਦਿਵਸ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ
09 ਗੁਰਿਆਈ ਦਿਵਸ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ
09 ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ
12 ਜੋਤੀ-ਜੋਤਿ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ
13 ਜੋਤੀ-ਜੋਤਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ
13 ਸਿੱਖ ਦਸਤਾਰ ਦਿਵਸ
**13 ਵੈਸਾਖੀ (ਖਾਲਸਾ ਸਿਰਜਨਾ ਦਿਵਸ)**
13 ਸੰਗਰਾਂਦ (ਵੈਸਾਖ)
20 ਜਨਮ ਦਿਹਾੜਾ ਭਗਤ ਧੰਨਾ ਜੀ
22 ਗੁਰਿਆਈ ਦਿਵਸ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
22 ਜੋਤੀ-ਜੋਤਿ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ
29 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
29 ਖਾਲਿਸਤਾਨ ਐਲਾਨ-ਨਾਮਾ ਦਿਵਸ (1986 ਈ.)
30 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ

**ਮਈ**
03 ਸ਼ਹੀਦੀ ਜੋੜ-ਮੇਲ ਸ੍ਰੀ ਮੁਕਤਸਰ ਸਾਹਿਬ
05 ਜਨਮ ਦਿਹਾੜਾ ਜੱਸਾ ਸਿੰਘ ਰਾਮਗੜ੍ਹੀਆ
09 ਬਰਸੀ ਬਾਬਾ ਬੀਰ ਸਿੰਘ ਜੀ ਨੌਰੰਗਾਬਾਦ, ਸ੍ਰੀ ਅੰਮ੍ਰਿਤਸਰ ਸਾਹਿਬ
09 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ
12 ਬਾਬਾ ਬੰਦਾ ਸਿੰਘ ਬਹਾਦਰ ਵਲੋਂ ਸਰਹਿੰਦ ਫ਼ਤਿਹ ਦਿਵਸ (ਖਾਲਸਾ ਰਾਜ ਦੀ ਪਹਿਲੀ ਸਥਾਪਨਾ)
12 ਸ਼ਹੀਦੀ ਭਾਈ ਲਭ ਸਿੰਘ ਜੀ
14 ਸੰਗਰਾਂਦ (ਜੇਠ)
16 ਛੋਟਾ ਘੱਲੂਘਾਰਾ ਕਾਹਨੂੰਵਾਨ (ਗੁਰਦਾਸਪੁਰ) (1746 ਈ.)
21 ਸ਼ਹੀਦੀ ਭਾਈ ਅਵਤਾਰ ਸਿੰਘ ਬ੍ਰਹਮਾ
22 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ
22 ਸ਼ਹੀਦੀ ਸਾਕਾ ਪਾਉਂਟਾ ਸਾਹਿਬ
31 ਗੁਰਿਆਈ ਦਿਵਸ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ

**ਜੂਨ**
04 ਸਾਕਾ ਨੀਲਾ ਤਾਰਾ - ਸ੍ਰੀ ਅਕਾਲ ਤਖਤ ਸਾਹਿਬ ਜੀ ਤੇ ਹਮਲਾ ਅਤੇ ਸ਼ਹੀਦੀ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ, ਸ਼ਹੀਦੀ ਭਾਈ ਅਮਰੀਕ ਸਿੰਘ ਜੀ ਅਤੇ ਜਨਰਲ ਸੁਬੇਗ ਸਿੰਘ ਜੀ
05-07 ਵਿਆਹ ਦਿਵਸ ਸ੍ਰੀ ਗੁਰੂ ਅਰਜਨ ਦੇਵ ਜੀ
**10 ਸ਼ਹੀਦੀ ਗੁਰੂ ਅਰਜਨ ਦੇਵ ਸਾਹਿਬ ਜੀ (ਜੇਠ ਸੁਦੀ 4)**
14 ਸੰਗਰਾਂਦ (ਹਾੜ)
22 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ
22 ਜਨਮ ਦਿਹਾੜਾ ਭਗਤ ਕਬੀਰ ਜੀ
24 ਸ਼ਹੀਦੀ ਦਿਹਾੜਾ ਬਾਬਾ ਬੰਦਾ ਸਿੰਘ ਜੀ ਬਹਾਦਰ
26 ਸਿਰਜਨਾ ਦਿਵਸ ਸ੍ਰੀ ਅਕਾਲ ਤਖ਼ਤ ਸਾਹਿਬ ਜੀ
28 ਬਰਸੀ ਮਹਾਰਾਜਾ ਰਣਜੀਤ ਸਿੰਘ ਜੀ
29 ਬਰਸੀ ਸੰਤ ਬਾਬਾ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**ਜੁਲਾਈ**
08 ਸ਼ਹੀਦੀ ਭਾਈ ਮਨੀ ਸਿੰਘ ਜੀ
16 ਮੀਰੀ ਪੀਰੀ ਦਿਵਸ (ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ)
16 ਸੰਗਰਾਂਦ (ਸਾਵਣ)
16 ਸ਼ਹੀਦੀ ਭਾਈ ਤਾਰੂ ਸਿੰਘ ਜੀ
29 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ
29 ਸ਼ਹੀਦੀ ਭਾਈ ਗੁਰਜੰਟ ਸਿੰਘ ਜੀ ਬੁੱਧ ਸਿੰਘ ਵਾਲਾ
**30 ਸਥਾਪਨਾ ਦਿਵਸ ਗੁਰੂ ਨਾਨਕ ਗੁਰਦੁਆਰਾ ਸਮੈਦਿਕ (1961 ਈ.)**
31 ਸ਼ਹੀਦੀ ਸ.ਊਧਮ ਸਿੰਘ ਜੀ

**ਅਗਸਤ**
08 ਮੋਰਚਾ ਗੁਰੂ ਦਾ ਬਾਗ
09 ਸ਼ਹੀਦੀ ਭਾਈ ਸੁਖਦੇਵ ਸਿੰਘ ਬੱਬਰ
16 ਬਰਸੀ ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
16 ਸੰਗਰਾਂਦ (ਭਾਦੋਂ)
29 ਸੰਪੂਰਨਤਾ ਦਿਵਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ
31 ਸ਼ਹੀਦੀ ਭਾਈ ਦਿਲਾਵਰ ਸਿੰਘ ਬੱਬਰ
31 ਸ਼ਹੀਦੀ ਭਾਈ ਗੁਰਜੰਟ ਸਿੰਘ ਰਾਜਸਥਾਨੀ

**ਸਤੰਬਰ**
**04 ਪਹਿਲਾ ਪ੍ਰਕਾਸ਼ ਗੁਰਪੁਰਬ ਦਿਵਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ**
05 ਗੁਰਿਆਈ ਦਿਵਸ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ
06 ਜੋਤੀ ਜੋਤਿ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ
10 ਵਿਆਹ ਪੁਰਬ ਸ੍ਰੀ ਗੁਰੂ ਨਾਨਕ ਦੇਵ ਜੀ
16 ਗੁਰਿਆਈ ਦਿਵਸ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ
16 ਸੰਗਰਾਂਦ (ਅੱਸੂ)
16 ਸ਼ਹੀਦੀ ਭਾਈ ਬਲਵਿੰਦਰ ਸਿੰਘ ਜਟਾਣਾ
18 ਜੋਤੀ-ਜੋਤਿ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ (450 ਸਾਲਾ)
22 ਗੁਰਿਆਈ ਦਿਵਸ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ
27 ਜੋਤੀ-ਜੋਤਿ ਸ੍ਰੀ ਗੁਰੂ ਨਾਨਕ ਦੇਵ ਜੀ

**ਅਕਤੂਬਰ**
01 ਸਿਰਜਨਾ ਦਿਵਸ ਸਿੰਘ ਸਭਾ
09 ਸ਼ਹੀਦੀ ਭਾਈ ਹਰਜਿੰਦਰ ਸਿੰਘ ਜਿੰਦਾ, ਭਾਈ ਸੁਖਦੇਵ ਸਿੰਘ ਸੁੱਖਾ
10 ਜਨਮ ਦਿਹਾੜਾ ਭਾਈ ਤਾਰੂ ਸਿੰਘ ਜੀ
12 ਦੁਸਹਿਰਾ (ਦਰਬਾਰ ਖਾਲਸਾ)
17 ਸੰਗਰਾਂਦ (ਕੱਤਕ)
18 ਸ਼ਹੀਦੀ ਭਾਈ ਨਿਰਮਲ ਸਿੰਘ ਜੀ
19 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ
22 ਬਰਸੀ ਮਹਾਰਾਜਾ ਦਲੀਪ ਸਿੰਘ ਜੀ
23 ਜਨਮ ਦਿਹਾੜਾ ਬਾਬਾ ਬੁੱਢਾ ਜੀ
25 ਗੁਰਿਆਈ ਦਿਵਸ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ
25 ਜੋਤੀ-ਜੋਤਿ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ
31 ਸ਼ਹੀਦੀ ਭਾਈ ਬੇਅੰਤ ਸਿੰਘ ਜੀ

**ਨਵੰਬਰ**
01 04 ਹਿੰਦੁਸਤਾਨ (1984 ਈ.) ਵਿੱਚ ਕਤਲ ਕੀਤੇ ਗਏ ਸਮੂਹ ਸਿੰਘ ਸਿੰਘਣੀਆਂ ਦਾ ਸ਼ਹੀਦੀ ਦਿਵਸ
**01 ਬੰਦੀ ਛੋੜ ਦਿਵਸ (ਦੀਵਾਲੀ)**
01 ਪੰਜਾਬੀ ਸੂਬਾ ਦਿਵਸ
**03 ਗੁਰਿਆਈ ਦਿਵਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ**
03 ਜਨਮ ਦਿਹਾੜਾ ਮਾਤਾ ਸਾਹਿਬ ਕੌਰ ਜੀ
06 ਜੋਤੀ-ਜੋਤਿ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ
12 ਜਨਮ ਦਿਹਾੜਾ ਭਗਤ ਨਾਮਦੇਵ ਜੀ
**15 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਨਾਨਕ ਦੇਵ ਜੀ (ਕੱਤਕ ਸੁਦੀ ਪੂਰਨਮਾਸੀ)**
15 ਸ਼ਹੀਦੀ ਦਿਹਾੜਾ ਬਾਬਾ ਦੀਪ ਸਿੰਘ ਜੀ
16 ਸੰਗਰਾਂਦ (ਮੱਘਰ)
28 ਅਕਾਲ ਚਲਾਣਾ ਭਾਈ ਮਰਦਾਨਾ ਜੀ
30 ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ

**ਦਸੰਬਰ**
04 ਗੁਰਿਆਈ ਦਿਵਸ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ
05 ਸ਼ਹੀਦੀ ਦਿਹਾੜਾ ਭਾਈ ਮਤੀ ਦਾਸ ਜੀ ਅਤੇ ਭਾਈ ਸਤੀ ਦਾਸ ਜੀ
**06 ਸ਼ਹੀਦੀ ਦਿਵਸ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ (ਮੱਘਰ ਸੁਦੀ 5)**
14 ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਫ਼ਤਿਹ ਸਿੰਘ ਜੀ
15 ਸੰਗਰਾਂਦ (ਪੋਹ)
21 ਸ਼ਹੀਦੀ ਦਿਹਾੜਾ ਬਾਬਾ ਜੀਵਨ ਸਿੰਘ ਜੀ (ਭਾਈ ਜੈਤਾ ਜੀ)
22 ਸ਼ਹੀਦੀ ਦਿਹਾੜਾ ਵੱਡੇ ਸਾਹਿਬਜ਼ਾਦੇ ਅਤੇ ਚਮਕੌਰ ਸਾਹਿਬ ਦੇ ਸਮੂਹ ਸ਼ਹੀਦ
27 ਸ਼ਹੀਦੀ ਦਿਹਾੜਾ ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ

**ਜਨਵਰੀ 2025**
01 ਸ਼ਹੀਦੀ ਭਾਈ ਗੁਰਦੇਵ ਸਿੰਘ ਜੀ ਕਾਉਂਕੇ (ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ)
**06 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ (ਪੋਹ ਸੁਦੀ 7ਵੀਂ)**
06 ਸ਼ਹੀਦੀ ਭਾਈ ਕੇਹਰ ਸਿੰਘ ਜੀ ਅਤੇ ਭਾਈ ਸਤਵੰਤ ਸਿੰਘ ਜੀ
13 ਲੋਹੜੀ
14 ਸੰਗਰਾਂਦ (ਮਾਘ)
14 ਸ਼ਹੀਦੀ 40 ਮੁਕਤੇ (ਸ੍ਰੀ ਮੁਕਤਸਰ ਸਾਹਿਬ)
14 ਮੇਲਾ ਮਾਘੀ (ਸ੍ਰੀ ਮੁਕਤਸਰ ਸਾਹਿਬ)
14 ਨੀਂਹ ਪੱਥਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਅੰਮ੍ਰਿਤਸਰ ਸਾਹਿਬ)
27 ਜਨਮ ਦਿਹਾੜਾ ਸ਼ਹੀਦ ਬਾਬਾ ਦੀਪ ਸਿੰਘ ਜੀ

**ਫ਼ਰਵਰੀ 2025**
09 ਵੱਡਾ ਘੱਲੂਘਾਰਾ ਕੁੱਪ - ਰੋਹੀੜਾ (1762 ਈ. ਸੰਗਰੂਰ)
10 ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ
11 ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ
12 ਜਨਮ ਦਿਹਾੜਾ ਭਗਤ ਰਵਿਦਾਸ ਜੀ
12 ਸੰਗਰਾਂਦ (ਫੱਗਣ)
21 ਸ਼ਹੀਦੀ ਸਾਕਾ ਨਨਕਾਣਾ ਸਾਹਿਬ ਤੇ ਗੰਗਸਰ ਜੈਤੋ

130 High Street, Smethwick, West Midlands B66 3AP | T: 0121 558 2527 | E: info@gngsmethwick.com | W: www.gngsmethwick.com
/GNGSmethwick

Please Note: The astronomical and calendrical information in this calendar is reproduced from data correct at the time of publishing. Whilst considerable care has been taken in compiling the information in this calendar the publishers cannot accept responsibility for any errors or changes which may occur.
© Designed & Printed by Dr. Print (U.K.) Ltd. | Tel: 0121 565 2622 | W: www.drprint.co.uk




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM International Newspaper & WEB TV
2 ਜੂਨ ਨੂੰ ਰੋੜੇ ਪੁੱਜੋ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ




# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ

# ਪਿੰਡ ਰੋਡੇ ਵਿਖੇ ਉਨ੍ਹਾਂ ਦੇ ਜਨਮ ਅਸਥਾਨ 'ਤੇ

# 2 ਜੂਨ ਨੂੰ ਮਨਾਇਆ ਜਾਵੇਗਾ

ਇਸ ਸਬੰਧੀ ਅਤੇ ਹੋਰ ਪੰਥਕ ਵਿਚਾਰਾਂ ਕਰਨ ਲਈ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ 20 **ਅਪ੍ਰੈਲ** ਦਿਨ ਸ਼ਨਿੱਚਰਵਾਰ ਨੂੰ ਗੁਰਦੁਆਰਾ ਸੰਤ ਖਾਲਸਾ ਰੋਡੇ ਵਿਖੇ 10 ਵਜੇ ਬੁਲਾਈ ਗਈ ਹੈ।



--✶ ਬੇਨਤੀ ਕਰਤਾ ✶--

**ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂਵਾਲੇ

ਮੈਂਬਰ ਸ਼੍ਰੋਮਣੀ ਕਮੇਟੀ, ਸ੍ਰੀ ਅੰਮ੍ਰਿਤਸਰ ਅਤੇ

ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ





## ਪ੍ਰੋਫੈਸਰ ਰਜੀਵ ਸ਼ਰਮਾ ਬਣੇ

# ਜ਼ਿਲ੍ਹਾ ਹਰਿਆਵਲ ਪੰਜਾਬ ਸੰਯੋਜਕ:ਮਨਜੀਤ ਸੈਣੀ

ਚੌਕ ਮਹਿਤਾ 10 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ ) ਹਰਿਆਵਲ ਪੰਜਾਬ ਦੀ ਵਿਸ਼ੇਸ਼ ਮੀਟਿੰਗ ਸ਼ਿਵਾਲਾ ਭਾਈਆਂ ਮੰਦਰ ਵਿਖੇ ਹੋਈ ਜਿਸ ਵਿੱਚ ਪ੍ਰੋਫੈਸਰ ਰਜੀਵ ਸ਼ਰਮਾ ਜੀ ਨੂੰ ਅੰਮ੍ਰਿਤਸਰ ਦਾ ਜਿਲਾ ਸੰਯੋਜਕ ਨਿਯੁਕਤ ਕੀਤਾ ਗਿਆ,ਸਮਾਜ ਸੇਵਕ ਵਿਸ਼ਾਲ ਜੀ ਨੂੰ ਜਲ ਪ੍ਰਮੁੱਖ ਅਤੇ ਸ੍ਰੀ ਪੀ ਐਨ ਸ਼ਰਮਾ ਜੀ ਸਿੱਖਿਆ ਸੰਸਥਾਵਾਂ ਪ੍ਰਮੁੱਖ ਬਣੇ ,ਇਸ ਮੌਕੇ ਮਹਿਲਾ ਟੀਮ ਦਾ ਵੀ ਗਠਨ ਕੀਤਾ ਗਿਆ ਜਿਸ ਵਿੱਚ ਸੀ ਏ ਸ੍ਰੀਮਤੀ ਕੁਲਵਿੰਦਰ ਕੌਰ, ਪ੍ਰੋਫੈਸਰ ਸੁਧਾ, ਸ਼੍ਰੀਮਤੀ ਕਿਰਨ ਵਿਜ, ਸ਼੍ਰੀਮਤੀ ਨੀਰੂ ਵਰਸ਼ਾ, ਸ਼੍ਰੀਮਤੀ ਪੂਨਮ ਸ਼ਰਮਾ ,ਸ਼੍ਰੀਮਤੀ ਵਿਭੂਤੀ ਸ਼ਰਮਾ ਜੀ , ਡਾਕਟਰ ਹਿਰਦੇਜੀਤ ਕੌਰ ਅਤੇ ਮਿਸ ਜਪਪ੍ਰੀਤ ਨੂੰ ਮਹਿਲਾ ਟੋਲੀ ਵਿੱਚ ਸ਼ਾਮਿਲ ਕੀਤਾ ਗਿਆ। ਇਸ ਮੌਕੇ ਤੇ ਬੋਲਦੇ ਹੋਏ ਪੰਜਾਬ ਪ੍ਰਦੇਸ਼ ਦੇ ਸਹਿ ਸੰਯੋਜਕ ਸੰਦੀਪ ਸਲਹੋਤਰਾ ਨੇ ਆਖਿਆ ਕਿ ਇੱਕ ਜਿਉਂਦੇ ਹੋਏ ਸੰਗਠਨ ਜਾਂ ਸੰਸਥਾ ਦੀ ਪਹਿਚਾਣ ਉਸ ਵਿੱਚ ਸ਼ਾਮਿਲ ਕਾਰਜਕਰਤਾਵਾਂ ਨੂੰ ਅਗਵਾਈ ਕਰਨ ਦੇ ਬਦਲਵੇ ਮੌਕੇ ਪ੍ਰਦਾਨ ਕਰਨਾ ਅਤੇ ਨਵੇਂ ਲੋਕਾਂ ਲਈ ਸੰਸਥਾ ਦੇ ਦਰਵਾਜ਼ੇ ਹਮੇਸ਼ਾ ਖੁੱਲੇ ਰੱਖਣਾ ਹੁੰਦਾ ਹੈ ।ਸੇਵਾ ਭਾਵਨਾ ਨਾਲ ਕੀਤੇ ਜਾਣ ਵਾਲੇ ਕੰਮਾਂ ਵਿੱਚ ਅਹੁਦਿਆਂ ਦੀ ਕੋਈ ਅਹਿਮੀਅਤ ਨਹੀਂ ਹੁੰਦੀ। ਸਮਾਜਿਕ ਸੰਸਥਾਵਾਂ ਨਾਲ ਸੰਬੰਧਿਤ ਆਗੂ ਖੁਦ ਨਾਲੋਂ ਦੂਜਿਆਂ ਨੂੰ ਵਧੇਰੇ ਤਰਜੀਹ ਦਿੰਦੇ ਹਨ ਤਾਂ ਹੀ ਸਮਰਪਣ ਅਤੇ ਸਮਾਜ ਸੇਵਾ ਦੀ ਭਾਵਨਾ ਨੂੰ ਅੱਗੇ ਵਧਾਇਆ ਜਾ ਸਕਦਾ ਹੈ। ਇਸੇ ਤਰ੍ਹਾਂ ਪ੍ਰਵੀਨ ਮਹਿਰਾ ਨੇ ਆਖਿਆ ਕਿ ਇੱਕ ਨਰੋਏ ਸਮਾਜ ਦੀ ਪਹਿਚਾਨ ਉਸ ਲਈ ਕੰਮ ਕਰਨ ਵਾਲੇ ਲੋਕਾਂ ਤੇ ਸਮਰਪਣ ਭਾਵ ਅਤੇ ਨਿਸ਼ਠਾ ਤੋਂ ਹੀ ਪ੍ਰਗਟ ਹੁੰਦੇ ਹਨ। ਉਹਨਾਂ ਨੇ ਆਖਿਆ ਕਿ ਜਿੰਮੇਵਾਰੀਆਂ ਅਹੁਦਿਆਂ ਤੋਂ ਕਿਤੇ ਵੱਡੀਆਂ ਹੁੰਦੀਆਂ ਹਨ ਅਤੇ ਇਸ ਉਮੀਦ ਨਾਲ ਜਿੰਮੇਵਾਰੀਆਂ ਦਿੱਤੀਆਂ ਜਾਂਦੀਆਂ ਹਨ ਕਿ ਸਮਾਜ ਨੂੰ ਨਵੇਂ ਢੰਗਾਂ, ਨਵੇਂ ਤੌਰ ਤਰੀਕਿਆਂ, ਨਵੀਂ ਸੋਚ ਅਤੇ ਨਵੇਂ ਉਤਸਾਹ ਨਾਲ ਅਗਵਾਈ ਪ੍ਰਦਾਨ ਹੋ ਸਕੇ । ਇੱਕ ਪੇੜ ਦੇਸ਼ ਦੇ ਨਾਂ ਅਭਿਆਨ ਦੇ ਪ੍ਰਧਾਨ ਸਰਦਾਰ ਮਨਜੀਤ ਸਿੰਘ ਸੈਣੀ ਨੇ ਆਪਣੇ ਸੰਬੋਧਨ ਵਿੱਚ ਹਰਿਆਵਲ ਪੰਜਾਬ ਜੋ ਹਵਾ – ਪਾਣੀ- ਧਰਤੀ ਦੀ ਸੁੱਧਤਾ ਲਈ ਕੰਮ ਕਰ ਰਿਹਾ ਹੈ ਦੇ ਸਾਰੇ ਕਾਰਜਕਰਤਾਵਾਂ ਨੂੰ ਜ਼ਿਆਦਾ ਤੋਂ ਜ਼ਿਆਦਾ ਰੁੱਖ ਲਗਾਉਣ , ਪਾਣੀ ਦੀ ਸੰਯਮ ਨਾਲ ਵਰਤੋਂ ਕਰਨ ਅਤੇ ਧਰਤੀ ਨੂੰ ਸਾਫ ਸੁਥਰਾ ਰੱਖਣ ਦਾ ਗਲੀ ਗਲੀ ਪਿੰਡ ਪਿੰਡ ਵੱਧ ਤੋਂ ਵੱਧ ਪ੍ਰਚਾਰ ਕਰਨ ਦੀ ਅਪੀਲ ਕੀਤੀ ਕਚਰਾ ਪ੍ਰਬੰਧਨ ਪ੍ਰਮੁੱਖ ਰਮਨ ਸ਼ਰਮਾ ਨੇ ਸ਼ਿਵ ਕੁਮਾਰ ਬਟਾਲਵੀ ਦਾ ਪ੍ਰਸਿੱਧ ਗੀਤ ੑਕੁਝ ਰੁੱਖ ਮੈਨੂੰ ਪੁੱਤ ਲੱਗਦੇ ਨੇ ਕੁਝ ਲੱਗਦੇ ਨੇ ਮਾਵਾਂੑ ਗਾਇਆ ਅੰਮ੍ਰਿਤਸਰ ਦੇ ਬਾਬਾ ਬੋਹੜ ਨਾਂ ਨਾਲ ਪਹਿਚਾਣੇ ਜਾਂਦੇ ਸਰਦਾਰ ਇਕਬਾਲ ਸਿੰਘ ਤੁੰਗ ਨੇ ਆਖਿਆ ਕਿ ਰੁੱਖ ਸਾਡਾ ਜੀਵਨ ਆਧਾਰ ਹਨ । ਰੁੱਖਾਂ ਤੋਂ ਬਿਨਾਂ ਜੀਵਨ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਉਹਨਾਂ ਨੇ ਵੱਧ ਤੋਂ ਵੱਧ ਪਿਪਲ ਅਤੇ ਬੋਹੜ ਦੇ ਰੁੱਖਾਂ ਨੂੰ ਲਗਾਉਣ ਦੀ ਅਪੀਲ ਕੀਤੀ। ਡਾਕਟਰ ਹਰਜੀਤ ਸਿੰਘ ਨੇ ਸਾਰਿਆਂ ਨੂੰ ਮਿਲ ਜੁਲ ਕੇ ਅੰਮ੍ਰਿਤਸਰ ਜਿਲੇ ਵਿੱਚ ਵਾਤਾਵਰਨ ਦੀ ਸਾਂਭ ਸੰਭਾਲ ਲਈ ਇੱਕ ਜੁੱਟ ਹੋ ਕੇ ਕੰਮ ਕਰਨ ਲਈ ਆਖਿਆ ਅਤੇ ਸ਼ਹਿਰ ਦੇ ਲੋਕਾਂ ਨੂੰ ਪਾਣੀ ਦੀ ਸੰਭਾਲ ਦੀ ਅਪੀਲ ਵੀ ਕੀਤੀ। ਇਸ ਮੀਟਿੰਗ ਦਾ ਆਯੋਜਨ ਜਿਲਾ ਸਹਿ ਸੰਯੋਜਿਤ ਡਾਕਟਰ ਹਰਜੀਤ ਸਿੰਘ ਜੀ ਦੀ ਅਗਵਾਈ ਵਿੱਚ ਹੋਇਆ ਸ੍ਰੀ ਰਜੀਵ ਸ਼ਰਮਾ ਜੀ ਦੇ ਨਾਂ ਦੀ ਘੋਸ਼ਣਾ ਮਾਨਯੋਗ ਪ੍ਰਵੀਨ ਮਹਿਰਾ ਜੀ ਨੇ ਕੀਤੀ। ਜਦੋਂ ਕਿ ਬਾਕੀ ਨਾਵਾਂ ਦੀ ਘੋਸ਼ਣਾ ਡਾਕਟਰ ਹਰਜੀਤ ਸਿੰਘ ਜੀ ਦੁਆਰਾ ਕੀਤੀ ਗਈ। ਇਸ ਮੌਕੇ ਤੇ ਪ੍ਰਾਂਤ ਸਹ ਸੰਯੋਜਕ ਸੰਦੀਪ ਸਲਹੋਤਰਾ, ਏਕ ਪੇੜ ਦੇਸ਼ ਦੇ ਨਾਂ ਅਭਿਆਨ ਦੇ ਜਿਲਾ ਪ੍ਰਧਾਨ ਸਰਦਾਰ ਮਨਜੀਤ ਸਿੰਘ ਸੈਣੀ ,ਸੀਨੀਅਰ ਉਪ ਪ੍ਰਧਾਨ ਸਰਦਾਰ ਇਕਬਾਲ ਸਿੰਘ ਤੁੰਗ ,ਉਪ ਪ੍ਰਧਾਨ ਸਰਦਾਰ ਮੈਲੋਡੀ ਪ੍ਰੋਫੈਸਰ ਰਾਜਨ ਸਿਮਰਨ ਜੀਤ ਕੌਰ, ਕਚਰਾ ਪ੍ਰਬੰਧਨ ਪ੍ਰਮੁੱਖ ਰਮਨ ਕੁਮਾਰ ,ਪੇੜ ਪ੍ਰਮੁੱਖ ਨਵੀਨ ਕੁਮਾਰ, ਕੋਟ ਖਾਲਸਾ ਨਗਰ ਦੇ ਸੰਯੋਜਕ ਤਿਲਕਰਾਜ, ਛੇਹਰਟਾ ਨਗਰ ਦੇ ਸੰਯੋਜਕ ਅਸ਼ਵਨੀ ਭੱਲਾ, ਜਲਿਆਂ ਵਾਲਾ ਬਾਗ ਨਗਰ ਦੇ ਸੰਯੋਜਕ ਬਾਵਿਸ਼ ਕੁਮਾਰ, ਕਬੀਰ ਪਾਰਕ ਨਗਰ ਸੰਜੋਜਕ ਪ੍ਰੋਫੈਸਰ ਰਾਜਨ , ਵਿਸ਼ਾਲ ਮਹਾਜਨ ਆਦਿ ਤੋਂ ਇਲਾਵਾ ਵੱਖ-ਵੱਖ ਖੇਤਰਾਂ ਤੋਂ ਕਾਰਜਕਰਤਾ ਸ਼ਾਮਿਲ ਹੋਏ।



## ਗੁਰੂ ਕਾਸ਼ੀ ਯੂਨੀਵਰਸਿਟੀ ਦੇ ਖੋਜਕਰਤਾਵਾਂ ਨੇ ਖੋਜ ਕੀਤੀ "ਪਰਾਲੀ ਸਾੜਨ ਦੇ ਨਾਲ-ਨਾਲ ਖਰਾਬ ਹਵਾ ਦੀ ਗੁਣਵੱਤਾ ਲਈ ਉਦਯੋਗਿਕ ਪ੍ਰਦੂਸ਼ਣ ਵੀ ਜ਼ਿੰਮੇਵਾਰ ਹੈ"



**ਤਲਵੰਡੀ ਸਾਬੋ, 10 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਭਾਰਤ ਦੇ ਉੱਤਰੀ ਹਿੱਸੇ ਵਿਚ ਅਕਤੂਬਰ ਅਤੇ ਨਵੰਬਰ ਦੇ ਮਹੀਨਿਆਂ ਵਿਚ ਪਰਾਲੀ ਸਾੜਨ ਨੂੰ ਹਵਾ ਪ੍ਰਦੂਸ਼ਣ ਦਾ ਮੁੱਖ ਕਾਰਨ ਮੰਨਿਆ ਜਾਂਦਾ ਹੈ। ਪੰਜਾਬ ਦੇ ਕਿਸਾਨਾਂ ਨੇ ਝੋਨੇ-ਕਣਕ ਦੇ ਫ਼ਸਲੀ ਚੱਕਰ ਨੂੰ ਅਪਣਾਇਆ ਹੈ। ਫਸਲਾਂ ਦੀ ਰਹਿੰਦ-ਖੂੰਹਦ ਨੂੰ ਬਹੁਤ ਜ਼ਿਆਦਾ ਅਤੇ ਟਿਕਾਊ ਹੱਲ ਦੀ ਅਣਉਪਲਬਧਤਾ ਕਾਰਨ ਕਿਸਾਨ ਆਮ ਤੌਰ 'ਤੇ ਇਸ ਨੂੰ ਅੱਗ ਲਗਾ ਦਿੰਦੇ ਹਨ। ਇਸ ਨਾਲ ਹਾਨੀਕਾਰਕ ਗੈਸਾਂ ਦਾ ਨਿਕਾਸ ਹੁੰਦਾ ਹੈ ਜੋ ਹਵਾ ਦੀ ਗੁਣਵੱਤਾ ਨੂੰ ਖ਼ਤਰਨਾਕ ਪੱਧਰ ਤੱਕ ਘਟਾਉਂਦਾ ਹੈ। ਗੁਰੂ ਕਾਸ਼ੀ ਯੂਨੀਵਰਸਿਟੀ ਦੇ ਮਾਹਿਰਾਂ, ਡਾ. ਬਹਾਦਰਜੀਤ ਸਿੰਘ, ਡਾ. ਲਵਪ੍ਰੀਤ ਸਿੰਘ, ਡਾ. ਅੰਮ੍ਰਿਤਪਾਲ ਮਹਿਤਾ ਅਤੇ ਬਬਲੂ ਸਿੰਘ ਚੀਮਾ ਨੇ ਪੰਜਾਬ ਰਾਜ ਵਿੱਚ ਸਾਉਣੀ ਦੌਰਾਨ 15 ਸਤੰਬਰ, 2022 ਤੋਂ 15 ਦਸੰਬਰ, 2022 ਤੱਕ ਪਰਾਲੀ ਸਾੜਨ ਤੋਂ ਬਾਅਦ ਹਵਾ ਦੀ ਗੁਣਵੱਤਾ ਦਾ ਨਿਰੀਖਣ ਕੀਤਾ। ਪੰਜਾਬ ਰਾਜ ਦੇ ਤਿੰਨ ਜ਼ਿਲ੍ਹਿਆਂ ਵਿੱਚ ਤਿੰਨ ਵੱਖ-ਵੱਖ ਸ਼੍ਰੇਣੀਆਂ ਦੇ ਤਹਿਤ ਸੀਜ਼ਨ, ਜਿਸ ਵਿੱਚ ਸਨਅਤੀ ਜ਼ਿਲ੍ਹਾ ਲੁਧਿਆਣਾ, ਦਰਮਿਆਨੇ ਉਦਯੋਗਿਕ ਜ਼ਿਲ੍ਹਾ ਬਠਿੰਡਾ ਅਤੇ ਪਟਿਆਲਾ ਨੂੰ ਗੈਰ-ਉਦਯੋਗਿਕ ਜ਼ਿਲ੍ਹੇ ਵਜੋਂ ਅਧਿਐਨ ਕੀਤਾ ਗਿਆ ਸੀ। ਇਹ ਅਧਿਐਨ ਪੰਜਾਬ ਰਿਮੋਟ ਸੈਂਸਿੰਗ ਤੋਂ ਇਕੱਤਰ ਕੀਤੇ ਗਏ ਹਵਾ ਗੁਣਵੱਤਾ ਸੂਚਕਾਂਕ ਮਾਪਦੰਡਾਂ ਦੇ ਆਧਾਰ 'ਤੇ ਕੀਤਾ ਗਿਆ ਸੀ। ਕੇਂਦਰ , ਲੁਧਿਆਣਾ ਅਤੇ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਖੋਜਕਰਤਾਵਾਂ ਨੇ ਸਿੱਟਾ ਕੱਢਿਆ ਕਿ ਪਰਾਲੀ ਸਾੜਨ ਦੀਆਂ ਘਟਨਾਵਾਂ ਤੋਂ ਬਾਅਦ ਤਿੰਨ ਜ਼ਿਲ੍ਹਿਆਂ ਵਿੱਚ ਹਵਾ ਦੀ ਗੁਣਵੱਤਾ ਤੇਜ਼ੀ ਨਾਲ ਵਿਗੜ ਗਈ ਹੈ। ਪੋਸਟ ਬਰਨਿੰਗ ਪੀਰੀਅਡ ਦੇ ਅੰਕੜੇ ਦਰਸਾਉਂਦੇ ਹਨ ਕਿ ਲੁਧਿਆਣਾ ਅਤੇ ਬਠਿੰਡਾ ਦੀ ਹਵਾ ਦੀ ਗੁਣਵੱਤਾ ਮਾੜੀ ਬਣੀ ਹੋਈ ਹੈ ਜਦੋਂ ਕਿ ਪਟਿਆਲਾ ਦੀ ਹਵਾ ਦੀ ਗੁਣਵੱਤਾ ਵਿੱਚ ਮਹੱਤਵਪੂਰਨ ਸੁਧਾਰ ਦੇਖਿਆ ਗਿਆ ਹੈ, ਜਿੱਥੇ ਉਦਯੋਗਿਕ ਖੇਤਰ ਬਹੁਤ ਛੋਟਾ ਹੈ। ਇਹ ਦਰਸਾਉਂਦਾ ਹੈ ਕਿ ਪਰਾਲੀ ਸਾੜਨਾ ਸਾਲ ਦੇ ਥੋੜ੍ਹੇ ਸਮੇਂ ਲਈ ਖਰਾਬ ਹਵਾ ਦੀ ਗੁਣਵੱਤਾ ਲਈ ਜ਼ਿੰਮੇਵਾਰ ਹੁੰਦਾ ਹੈ ਜਦੋਂ ਕਿ ਉਦਯੋਗਿਕ ਪ੍ਰਦੂਸ਼ਣ ਮੁੱਖ ਤੌਰ 'ਤੇ ਸਾਲ ਦੇ ਵੱਡੇ ਸਮੇਂ ਲਈ ਹਵਾ ਦੀ ਗੁਣਵੱਤਾ ਨੂੰ ਖਰਾਬ ਕਰਨ ਵਿੱਚ ਯੋਗਦਾਨ ਪਾਉਂਦਾ ਹੈ।



ਪ੍ਰਣਾਮ ਸ਼ਹੀਦਾਂ ਨੂੰ
ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ
ਸੁਭ ਕਰਮਨ ਤੇ ਕਬਹੂੰ ਨ ਟਰੋਂ
ਝੱਖੜ ਲੱਖ ਝੁਲੇ, ਇਨਕਲਾਬ ਆਵੇ
ਅਰਸ਼ ਫ਼ਰਸ਼ ਦੀ ਮਿੱਟੀ ਉਡਾਉਣ ਵਾਲਾ
ਸਾਡੇ ਸੋਹਣੇ ਸ਼ਹੀਦਾਂ ਦੀ ਰਾਖ ਉੱਤੇ
ਕੋਈ ਨਹੀਂ ਜੰਮਿਆ ਧੂੜ ਵੀ ਪਾਉਣ ਵਾਲਾ
ਸਿੱਖ ਕੌਮ ਦੀ ਚੜ੍ਹਦੀ ਕਲਾ ਅਤੇ
ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ
33ਵਾਂ ਸ਼ਹੀਦ ਭਾਈ ਸੁਭਾਸ਼ ਸਿੰਘ ਬੱਬਰ ਖਾਲਸਾ ਇੰਟਰਨੈਸ਼ਨਲ ਜੇਠੂਵਾਲ ਸ਼ਹੀਦੀ ਸਮਾਗਮ
ਬਾਬੇ ਸ਼ਹੀਦਾ ਦੇ ਪਵਿਤਰ ਸਥਾਨ ਜੇਠੂਵਾਲ ਵਿਖੇ-ਸ਼ਰਧਾ ਅਤੇ ਭਾਵਨਾ ਨਾਲ
21-4-24 ਦਿਨ ਐਤਵਾਰ ਨੂੰ ਮਨਾਇਆ ਜਾ ਰਿਹਾ ਹੈ।
ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗਿ: ਹਰਨਾਮ ਸਿੰਘ ਖਾਲਸਾ
ਮੁਖੀ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ
ਬੰਦੀ ਸਿੰਘ ਰਿਹਾ ਕਰੋ
ਬੰਦੀ ਸਿੰਘ ਰਿਹਾ ਕਰੋ
ਸ੍ਰੀ ਅਖੰਡ ਪਾਠ ਦੇ ਭੋਗ ਪਾਏ ਜਾਣਗੇ। ਢਾਡੀ ਰਾਗੀ ਗੁਰੂ ਜਸ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਸ਼ਹੀਦਾ ਦੇ ਪਰਿਵਾਰਾ ਨੂੰ ਸਮਾਨਿਤ ਕੀਤਾ ਜਾਵੇਗਾ। ਸ੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁੱਧ ਮੋਰਚੇ ਦੋਰਾਨ ਸ਼ਹੀਦ ਹੋਏ ਸਿੰਘਾਂ ਸਿੰਘਣੀਆ ਦੀ ਯਾਦ ਨੂੰ ਸਮਰਪਿਤ ਪੰਜਾਬ ਪੁਲਿਸ ਵੱਲੋਂ ਜਸਵੰਤ ਸਿੰਘ ਖਾਲੜਾ ਸਮੇਤ 28000 ਸਿੱਖ ਨੋਜਵਾਨਾ ਨੂੰ ਚੱਕ ਕੇ ਝੂਠੇ ਪੁਲਿਸ ਮੁਕਾਬਲਿਆ ਦੋਰਾਨ ਸ਼ਹੀਦ ਕੀਤੇ ਗਏ ਨੋਜਵਾਨਾ ਦੇ ਪਰਿਵਾਰਾਂ ਨੂੰ ਅਪੀਲ ਕੀਤੀ ਜਾਦੀ ਹੈ ਕਿ ਹਰ ਪਿੰਡ-ਪਿੰਡ ਵਿੱਚ ਸ਼ਹੀਦੀ ਸਮਾਗਮ ਕਰਵਾਏ ਜਾਣ।
ਸ੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁੱਧ ਮੋਰਚੇ ਦੌਰਾਨ ਪੰਜਾਬ ਪੁਲਿਸ ਵੱਲੋਂ ਘਰਾਂ ਤੋਂ ਚੁੱਕ ਕੇ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰ ਮੁਕਾਏ ਨੌਜਵਾਨਾ ਦੇ ਪਰਿਵਾਰਾਂ ਨੂੰ ਬੇਨਤੀ ਹੈ ਕਿ ਪੁਲਿਸ ਵੱਲੋਂ ਚੁੱਕੇ ਨੌਜਵਾਨਾ ਦੇ ਘਰ ਆਉਣ ਦੀ ਆਸ ਨੂੰ ਛੱਡ ਕੇ ਪਿੰਡ-ਪਿੰਡ ਸ਼ਹੀਦੀ ਸਮਾਗਮ ਕਰਵਾਉਣ ਲਈ ਸਿੱਖ ਕੌਮ ਦਾ ਸਹਿਯੋਗ ਦਿਉ ਜੀ।
ਜਥੇਦਾਰ ਭਰਾਵਾਂ ਬਲਵਿੰਦਰ ਸਿੰਘ, ਨਿਰਮਲ ਸਿੰਘ ਜੇਠੂਵਾਲ (M) 99148-13471, 98157-25280, 62394-24387
ਲਾਵਾਰਸਾ ਦੇ ਵਾਰਸ
ਵੱਲੋਂ:- ਜੋਧਪੁਰ ਨਜ਼ਰਬੰਦ ਬ੍ਰਿਟੇਨ ਐਕਸ਼ਨ ਕਮੇਟੀ ਭਿੰਡਰਾਂਵਾਲੇ ਅਤੇ ਲੋਕਲ ਕਮੇਟੀ ਗ੍ਰਾਮ ਪੰਚਾਇਤ। ਜੇਠੂਵਾਲ, ਬਟਾਲਾ
ਮਾਨਯੋਗ ਸੁਪਰੀਮ ਕੋਰਟ ਨੂੰ ਅਪੀਲ ਹੈ ਕਿ ਸੂਹੋ ਮੋਟੋ ਐਕਸ਼ਨ ਲੈ ਕੇ ਤੁਰੰਤ ਭਾਈ ਖਾਲੜਾ ਸਮੇਤ ਭਾਈ ਸੁਭਾਸ਼ ਸਿੰਘ ਜੇਠੂਵਾਲ ਅਤੇ 28000 ਲਾਵਾਰਸਾਂ ਸਬੰਧੀ ਵਾਰਸਾਂ ਨੂੰ ਨਿਆ ਦਿੱਤਾ ਜਾਵੇ।
ਬੇਨਤੀ ਕਰਤਾ: ਨੇਤਾ ਜੀ ਸ਼ੁਭਾਸ ਸਿੰਘ ਸ਼ਹੀਦ ਬੱਬਰ ਖਾਲਸਾ ਟਰੱਸਟ ਜੇਠੂਵਾਲ ,ਜਥੇਦਾਰ ਭਰਾਵਾਂ ਬਲਵਿੰਦਰ ਸਿੰਘ ਜੇਠੂਵਾਲ ਨਿਰਮਲ ਸਿੰਘ ਜੇਠੂਵਾਲ




ਖਾਲਸੇ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੇ ਮਹਾਨ ਪੁਰਬ ਤੇ
ਗੁ. ਸ਼ਹੀਦਾਂ ਬਾਬਾ ਨਿਹਾਲ ਸਿੰਘ ਜੀ ਪ੍ਰਬੰਧਕ ਕਮੇਟੀ,
ਪਿੰਡ ਤੱਲ੍ਹਣ ਅਤੇ ਇਲਾਕਾ ਨਿਵਾਸੀ ਸਾਧ ਸੰਗਤ ਵਲੋਂ
ਵਿਸ਼ਾਲ
ਨਗਰ ਕੀਰਤਨ
12 ਅਪ੍ਰੈਲ 2024
ਸ਼ੁਕਰਵਾਰ
ਸਵੇਰੇ 8.00 ਵਜੇ
ਵਿਸਾਖੀ ਪੁਰਬ ਮਿਤੀ 13 ਅਪ੍ਰੈਲ 2024, ਸ਼ਨੀਵਾਰ
ਨੂੰ ਮਨਾਇਆ ਜਾ ਰਿਹਾ ਹੈ।
ਨਗਰ ਕੀਰਤਨ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਗੁ. ਸ਼ਹੀਦਾਂ ਤੋਂ ਅਰੰਭ ਹੋ ਕੇ ਸਲੇਮਪੁਰ, ਗੁ. ਬਾਬਾ ਦਾਸਾ ਜੀ ਧੰਨੋਵਾਲੀ, ਦਕੋਹਾ, ਪੂਰਨਪੁਰ, ਰਾਮਾ ਮੰਡੀ, ਫਿਲਵਾਂ ਚੌਂਕ, ਗੁ. ਅੰਬ ਸਾਹਿਬ ਨੰਗਲ ਸ਼ਾਮਾ, ਭੋਜੋਵਾਲ, ਮੁੱਜਫਰਪੁਰ, ਚਾਂਦਪੁਰ, ਅਸਥਾਨ ਬਾਬਾ ਬੰਦਾ ਸਿੰਘ ਬਹਾਦਰ, ਪਰਸਰਾਮਪੁਰ, ਗੁ. ਲੋਧੀਆਣਾ ਸਾਹਿਬ ਤੋਂ ਹੁੰਦਾ ਹੋਇਆ ਵਾਪਿਸ ਪਿੰਡ ਤੱਲ੍ਹਣ ਗੁ. ਸ਼ਹੀਦਾਂ ਵਿਖੇ ਸਮਾਪਤੀ ਹੋਵੇਗੀ।
ਨਗਰ ਕੀਰਤਨ ਦਾ ਰੂਟ
ਨਗਰ ਕੀਰਤਨ ਵਿਚ ਰਣਜੀਤ ਨਗਾਰਾ, ਸ਼ਬਦੀ ਜੱਥੇ, ਬੈਂਡ ਵਾਜੇ, ਗਤਕਾ ਪਾਰਟੀਆਂ ਵੀ ਸ਼ਾਮਿਲ ਹੋਣਗੀਆਂ।
ਬਾਬਾ ਬੰਦਾ ਸਿੰਘ ਬਹਾਦਰ ਇੰਟਰਨੈਸ਼ਨਲ ਗਤਕਾ ਅਖਾੜਾ
ਗੋਲਡ ਮੈਡਲਿਸਟ, ਦੁੱਗਰੀ ਲੁਧਿਆਣਾ
ਸਮੂਹ ਸਾਧ ਸੰਗਤ ਨੂੰ ਨਗਰ ਕੀਰਤਨ ਵਿਚ ਪਹੁੰਚਣ ਅਤੇ ਆਪਣੇ-ਆਪਣੇ ਰੂਟ ਦੀ ਸਫਾਈ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ।
ਸੰਪਰਕ ਲਈ ਫੋਨ: 0181-2770001,
98726-82148, 98552-72264
ਅੰਮ੍ਰਿਤ ਕੰਪਿਊਟਰਜ਼ ਐਂਡ ਐਡਵਰਟਾਈਜ਼ਰ, ਪੰਜ ਪੀਰ, ਜਲੰਧਰ। ਫੋਨ: 9872239775

### ਪੰਜਾਬ ਰਾਜ ਦੇ ਸਮੂਹ ਐਫੀਲੀਏਟਿਡ ਸਕੂਲਾਂ ਨੇ

# ਪੰਜਾਬ ਸਰਕਾਰ ਵਲੋਂ ਗਜਟਿਡ ਛੁੱਟੀਆ ਘਟਾਉਣ ਦੀ ਕੀਤੀ ਅਪੀਲ : ਹਰਪਾਲ ਸਿੰਘ ਯੂ.ਕੇ.

**ਚੌਕ ਮਹਿਤਾ, 10 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਰਾਸਾ ਪੰਜਾਬ ਯੂ.ਕੇ ਵਲੋਂ ਪ੍ਰੈਸ ਕਾਨਫਰੰਸ ਕੀਤੀ ਗਈ ਜਿਸ ਵਿਚ ਉਹਨਾਂ ਨੇ ਦੱਸਿਆ ਕਿ ਬੀਤੇ ਦਿਨੀਂ ਪੱਤਰ ਨੰ. ਜੀ-5/202492425 ਮਿਤੀ 10-04-2024 ਨੂੰ ਜਾਰੀ ਕਰਕੇ ਸਮੂਹ ਪ੍ਰਾਈਵੇਟ / ਪ੍ਰਾਈਵੇਟ ਅਣ-ਏਡਿਡ/ ਮਾਨਤਾ ਪ੍ਰਾਪਤ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਗਈ ਸੀ ਕਿ ਪੰਜਾਬ ਸਰਕਾਰ ਵਲੋਂ ਜੋ ਵੀ ਗਜਟਿਡ ਛੁੱਟੀਆ ਘੋਸ਼ਿਤ ਕੀਤੀਆ ਗਈਆ ਹਨ। ਜਿਸ ਵਿਚ ਭਾਈ ਨਾਭਾ



ਆਵਾਜ਼ਿ ਕੌਮ AWAZE QAUM International Newspaper & WEB TV

ਦਾਸ ਜੀ ਦੀ ਛੁੱਟੀ ਵੀ ਸ਼ਾਮਿਲ ਸੀ ਅਤੇ ਪੰਜਾਬ ਸਰਕਾਰ ਵਲੋਂ ਗਜਟਿਡ ਛੁੱਟੀਆਂ ਕਰਨ ਦੀ ਸਕੂਲਾਂ ਨੂੰ ਹਦਾਇਤ ਕੀਤੀ ਗਈ ਤੇ ਗਜਟਿਡ ਛੁੱਟੀਆ ਅਨੁਸਾਰ ਸਕੂਲਾਂ ਨੂੰ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਤੇ ਇਹਨਾਂ ਹੁਕਮਾਂ ਦੀ ਉਲੰਘਣਾ ਕਰਨ ਤੇ ਸਕੂਲ ਖਿਲਾਫ ਢੁਕਵੀਂ ਕਾਰਵਾਈ ਕਰਨ ਦਾ ਪੱਤਰ ਜਾਰੀ ਕੀਤਾ ਗਿਆ। ਇਸ ਪੱਤਰ ਦੇ ਜੁਆਬ ਵਿਚ ਹਰਪਾਲ ਸਿੰਘ ਯੂ.ਕੇ. ਅਤੇ ਸਮੂਹ ਐਫੀਲੀਏਟਿਡ ਸਕੂਲਾਂ ਦੀ ਇਕਮੱਤ ਰਾਏ ਨਾਲ ਹਰਪਾਲ ਸਿੰਘ ਯੂ.ਕੇ. ਚੇਅਰਮੈਨ ਨੇ ਪੱਤਰਕਾਰਾਂ ਨਾਲ ਵਾਰਤਾਲਾਪ ਕਰਦੇ ਹੋਏ ਉਹਨਾਂ ਨੇ ਦੱਸਿਆ ਕਿ ਸਾਨੂੰ ਵਿਦਿਆਰਥੀਆਂ ਦੇ ਮਾਪਿਆਂ ਵਲੋਂ ਰੋਜਾਨਾ ਇਹੀ ਸ਼ਿਕਾਇਤ ਕੀਤੀ ਜਾਂਦੀ ਹੈ ਕਿ ਸਕੂਲਾਂ ਵਿਚ ਛੁਟੀਆਂ ਬਹੁਤ ਹੁੰਦੀਆ ਹਨ ਜਿਸ ਕਾਰਨ ਸਾਡੇ ਬਚਿਆਂ ਦੀ ਪੜ੍ਹਾਈ ਖਰਾਬ ਹੁੰਦੀ ਹੈ। ਮਾਪਿਆਂ ਦੀ ਇਸੇ ਮੰਗ ਨੂੰ ਮੁੱਖ ਰਖਦਿਆਂ ਹੋਇਆ ਸਮੂਹ ਐਫਲੀਏਟਿਡ ਸਕੂਲਾਂ ਨੇ ਇਕਠਿਆ ਰਲ ਕੇ ਇਕ ਮੱਤ ਹੋ ਕੇ ਇਹ ਫੈਸਲਾ ਲਿਆ ਕਿ ਜਿਹੜੀਆ ਗਜਟਿਡ ਛੁਟੀਆਂ ਸਕੂਲਾਂ ਨਾਲ ਸਬੰਧਿਤ ਹਨ ਉਹ ਘੱਟ ਕੀਤੀਆ ਜਾਣ ਤਾਂ ਜੋ ਵਿਦਿਆਰਥੀਆਂ ਦੀ ਪੜ੍ਹਾਈ ਚੰਗੇ ਪੱਧਰ ਤੇ ਹੋ ਸਕੇ। ਇਹ ਫੈਸਲਾ ਉਹਨਾਂ ਸਾਰੇ ਐਫਲੀਏਟਿਡ ਸਕੂਲਾਂ ਦੇ ਮੁਖੀਆ ਨੇ ਇਕਠਿਆ ਰੱਲ ਕੇ ਕੀਤਾ। ਹਰਪਾਲ ਸਿੰਘ ਰਾਸਾ ਯੂ.ਕੇ. ਨੇ ਪੱਤਰਕਾਰਾਂ ਨੂੰ ਮਾਪਿਆਂ ਦੀ ਛੁਟੀਆ ਘੱਟ ਕਰਨ ਦੀ ਮੰਗ ਨੂੰ ਦਸਦਿਆ ਹੋਇਆ। ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਸਕੂਲਾਂ ਨਾਲ ਸਬੰਧਿਤ ਛੁਟੀਆਂ ਵਿਚ ਕਟੌਤੀ ਕਰੇ। ਤਾਂ ਜੋ ਵਿਦਿਆਰਥੀਆਂ ਦੀ ਪੜ੍ਹਾਈ ਨਿਰੰਤਰ ਜਾਰੀ ਰਹਿ ਸਕੇ ਅਤੇ ਜੋ ਇਤਿਹਾਸਕ ਛੁਟੀਆਂ ਹਨ ਉਨਾਂ ਛੁਟੀਆਂ ਵਿਚ ਸਕੂਲ ਲਗਾ ਕੇ ਬਚਿਆਂ ਨੂੰ ਉਸ ਕੀਤੀ ਛੁਟੀ ਦੀ ਇਤਿਹਾਸਕ ਮਹੱਤਤਾ ਤੋਂ ਜਾਣੂ ਕਰਵਾਇਆ ਜਾ ਸਕੇ। ਤਾਂ ਜੋ ਬੱਚੇ ਬਜਾਰਾਂ ਵਿਚ ਘੁੰਮਣ ਅਤੇ ਫਾਲਤੂ ਦੀ ਅਵਾਰਾ ਗਰਦੀ ਤੋਂ ਬਚੇ ਰਹਿਣ ਅਤੇ ਪੜ੍ਹਾਈ ਵੱਲ ਧਿਆਨ ਦੇਣ ਤਾਂ ਜੋ ਆਉਣ ਵਾਲੇ ਸਾਲ ਵਿਚ ਬੱਚਿਆਂ ਦੇ ਨਤੀਜੇ ਵਧੀਆ ਆ ਸਕਣ ਤੇ ਸਿੱਖਿਆ ਦੇ ਖੇਤਰ ਵਿਚ ਪੰਜਾਬ ਸਰਕਾਰ ਦਾ ਨਾਮ ਹੋ ਸਕੇ।

### ਮੇਰਾ ਮੁੱਖ ਟੀਚਾ ਅੰਮ੍ਰਿਤਸਰ ਨੂੰ ਇਸ ਦੇ ਪੁਰਾਤਨ ਸ਼ਾਨ ਵਿੱਚ ਵਾਪਸ ਲਿਆਉਣਾ ਹੈ: ਤਰਨਜੀਤ ਸਿੰਘ ਸੰਧੂ

# ਭਾਜਪਾ ਜੱਲਿਆਂਵਾਲਾ ਬਾਗ ਮੰਡਲ ਦੀ ਮੀਟਿੰਗ ਕੀਤੀ



**ਅੰਮ੍ਰਿਤਸਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ )**-ਲੋਕ ਸਭਾ ਚੋਣਾਂ ਸਬੰਧੀ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਅਤੇ ਕੇਂਦਰੀ ਅਸੈਂਬਲੀ ਇੰਚਾਰਜ ਡਾ: ਰਾਮ ਚਾਵਲਾ ਦੀ ਅਗਵਾਈ ਹੇਠ ਭਾਜਪਾ ਦੀ ਅੰਮ੍ਰਿਤਸਰ ਕੇਂਦਰੀ ਵਿਧਾਨ ਸਭਾ ਹਲਕਾ ਜੱਲਿਆਂਵਾਲਾ ਬਾਗ.ਮੰਡਲ ਦੀ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਦਫ਼ਤਰ ਵਿੱਚ ਹੋਈ। ਜਿਸ ਵਿਚ ਭਾਜਪਾ ਦੇ ਲੋਕ ਸਭਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ, ਮੰਡਲ ਪ੍ਰਧਾਨ ਸੁਧੀਰ ਅਰੋੜਾ ਨੇ ਆਪਣੇ ਮੰਡਲ ਦੇ ਅਹੁਦੇਦਾਰਾਂ ਸਮੇਤ ਤਰਨਜੀਤ ਸਿੰਘ ਸਮੁੰਦਰੀ ਅਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਨੂੰ ਗੁਲਦਸਤਾ ਅਤੇ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਮਨੀਸ਼ ਸ਼ਰਮਾ, ਸਲਿਲ ਕਪੂਰ ਮੰਡਲ ਇੰਚਾਰਜ ਤੇ ਜ਼ਿਲ੍ਹਾ ਸਕੱਤਰ ਜੋਤੀ ਬਾਲਾ, ਰਾਕੇਸ਼ ਗਿੱਲ, ਸਰਬਜੀਤ ਸਿੰਘ ਸ਼ੰਟੀ ਆਦਿ ਵੀ ਹਾਜ਼ਰ ਸਨ। ਇਸ ਮੌਕੇ ਹਾਜ਼ਰ ਵਰਕਰਾਂ ਨੂੰ ਸੰਬੋਧਨ ਕਰਦਿਆਂ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਦੇਸ਼ ਅੰਦਰ ਨਰਿੰਦਰ ਮੋਦੀ ਅਤੇ ਭਾਜਪਾ ਦੀ ਲਹਿਰ ਚੱਲ ਰਹੀ ਹੈ, ਲੋਕ ਪੂਰੇ ਦਿਲ ਨਾਲ ਭਾਜਪਾ ਨਾਲ ਜੁੜੇ ਹੋਏ ਹਨ। ਇਹ ਸਮਾਂ ਸਿਰਫ਼ ਲੋਕਾਂ ਤੱਕ ਪਹੁੰਚਣ ਅਤੇ ਭਾਜਪਾ ਦੀਆਂ ਨੀਤੀਆਂ ਨੂੰ ਉਨ੍ਹਾਂ ਤੱਕ ਪਹੁੰਚਾਉਣ ਦਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਉਦੇਸ਼ ਅੰਮ੍ਰਿਤਸਰ ਨੂੰ ਇਸ ਦੀ ਵਿਰਾਸਤੀ ਸ਼ਾਨ ਨੂੰ ਬਹਾਲ ਕਰਨ ਦਾ ਹੈ। ਉਹ ਅੰਮ੍ਰਿਤਸਰ ਅਤੇ ਸਰਹੱਦੀ ਖੇਤਰ ਦੇ ਵਿਕਾਸ ਲਈ ਆਪਣਾ ਪੂਰਾ ਯੋਗਦਾਨ ਪਾਉਣਗੇ ਅਤੇ ਇਸ ਲਈ ਪ੍ਰਧਾਨ ਮੰਤਰੀ ਮੋਦੀ ਤੋ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ।ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਸੂਝਵਾਨ ਲੋਕ ਹੁਣ ਪੂਰੀ ਤਰ੍ਹਾਂ ਸਮਝ ਚੁੱਕੇ ਹਨ ਕਿ ਵਿਰੋਧੀ ਪਾਰਟੀ ਦੇ ਸੰਸਦ ਮੈਂਬਰਾਂ ਨੇ ਗੁਰੂ ਨਗਰੀ ਲਈ ਕੁਝ ਨਹੀਂ ਕੀਤਾ। ਇਸ ਵਾਰ ਗੁਰੂ ਨਗਰੀ ਦੇ ਲੋਕ ਸੋਚ ਸਮਝ ਕੇ ਵੋਟ ਪਾਉਣਗੇ। ਉਨ੍ਹਾਂ ਹਾਜ਼ਰ ਵਰਕਰਾਂ ਨੂੰ ਆਪਣੇ ਅੰਮ੍ਰਿਤਸਰ ਦੇ ਵਿਜ਼ਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਨੂੰ ਸਮਾਜ ਸੇਵਾ ਦੀ ਪ੍ਰੇਰਨਾ ਆਪਣੇ ਪਰਿਵਾਰਕ ਵਿਰਸੇ ਤੋਂ ਮਿਲੀ ਹੈ। ਉਨ੍ਹਾਂ ਕਿਹਾ ਕਿ ਦੁਨੀਆ ਨੂੰ ਅੰਮ੍ਰਿਤਸਰ ਦੀ ਮਹਾਨਤਾ ਨੂੰ ਸਮਝਣ ਅਤੇ ਉਸ ਅਨੁਸਾਰ ਹੋਰ ਕੰਮ ਕਰਨ ਦੀ ਲੋੜ ਹੈ, ਜਿਸ ਲਈ ਉਹ ਲੱਗੇ ਹੋਏ ਹਨ। ਉਨ੍ਹਾਂ ਕਿਹਾ ਕਿ ਮੈਨੂੰ ਯਕੀਨ ਹੈ ਕਿ ਅੰਮ੍ਰਿਤਸਰ ਦੇ ਲੋਕ ਅੰਮ੍ਰਿਤਸਰ ਨੂੰ ਹੋਰ ਵੀ ਉੱਚਾ ਚੁੱਕਣ ਲਈ ਉਨ੍ਹਾਂ ਨੂੰ ਪੂਰਾ ਸਹਿਯੋਗ ਦੇਣਗੇ। ਇਸ ਮੌਕੇ ਹਰਵਿੰਦਰ ਸਿੰਘ ਸੰਧੂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਪਾਰਟੀ ਨੇ ਤਰਨਜੀਤ ਸਿੰਘ ਸੰਧੂ ਦੇ ਰੂਪ ਵਿਚ ਅੰਮ੍ਰਿਤਸਰ ਤੋਂ ਇਕ ਸੂਝਵਾਨ ਅਤੇ ਯੋਗ ਉਮੀਦਵਾਰ ਦਿੱਤਾ ਹੈ। ਜਿਨ੍ਹਾਂ ਨੇ ਅਮਰੀਕਾ ਵਿੱਚ ਰਾਜਦੂਤ ਰਹਿੰਦਿਆਂ ਕੂਟਨੀਤੀ ਰਾਹੀਂ ਦੇਸ਼ ਦੀ ਸੇਵਾ ਕੀਤੀ ਅਤੇ ਭਾਰਤ-ਅਮਰੀਕਾ ਸਬੰਧਾਂ ਨੂੰ ਭਾਈਵਾਲੀ ਵਿੱਚ ਬਦਲ ਦਿੱਤਾ।ਸੰਧੂ ਦਾ ਪਰਿਵਾਰਕ ਪਿਛੋਕੜ ਸਿੱਖ ਕੌਮ ਅਤੇ ਪੰਜਾਬੀਆਂ ਵਿੱਚ ਸਤਿਕਾਰਤ ਹੈ। ਸਾਡੀ ਖ਼ੁਸ਼ਿਕਸਮਤੀ ਹੈ ਕਿ ਇਸ ਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜਿਸ ਨੂੰ ਅੰਮ੍ਰਿਤਸਰ ਤੋਂ ਉਮੀਦਵਾਰ ਬਣਾਇਆ ਹੈ ਉਸ ਕੋਲ ਬਹੁਤ ਵੱਡਾ ਵਿਜ਼ਨ ਹੈ, ਜਿਸ ਦਾ ਨਾ ਸਿਰਫ਼ ਅੰਮ੍ਰਿਤਸਰ ਬਲਕਿ ਪੰਜਾਬ ਅਤੇ ਦੇਸ਼ ਨੂੰ ਫ਼ਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਤਰਨਜੀਤ ਸਿੰਘ ਸੰਧੂ ਆਪਣੇ ਪਰਿਵਾਰ ਦੀ ਵਿਰਾਸਤ ਨੂੰ ਅੱਗੇ ਤੋਰਨ ਜਾ ਰਿਹਾ ਹੈ, ਜਿਸ ਦੀ ਪੰਜਾਬ ਦੇ ਇਤਿਹਾਸ ਵਿਚ ਵੱਖਰੀ ਪੈੜ ਹੈ ਅਤੇ ਸਾਰੇ ਪੰਜਾਬੀਆਂ ਨੂੰ ਉਨ੍ਹਾਂ 'ਤੇ ਮਾਣ ਹੈ। ਹੁਣ ਪੰਜਾਬੀਆਂ ਦੀ ਵਾਰੀ ਹੈ ਕਿ ਉਹ ਗੁਰੂ ਨਗਰੀ ਤੋਂ ਆਪਣਾ ਸਿਪਾਹੀ ਪ੍ਰਧਾਨ ਮੰਤਰੀ ਮੋਦੀ ਨੂੰ ਦੇਣ ਤਾਂ ਜੋ ਉਹ ਆਪਣੀ ਬ੍ਰਿਗੇਡ ਨਾਲ ਜੁੜ ਕੇ ਗੁਰੂ ਨਗਰੀ ਅਤੇ ਲੋਕਾਂ ਦੀ ਸੇਵਾ ਕਰ ਸਕਣ। ਇਸ ਮੌਕੇ ਸੁਧੀਰ ਅਰੋੜਾ ਨੇ ਆਪਣੇ ਮੰਡਲ ਦੀ ਤਰਫ਼ੋਂ ਤਰਨਜੀਤ ਸਿੰਘ ਸੰਧੂ ਅਤੇ ਜ਼ਿਲ੍ਹਾ ਲੀਡਰਸ਼ਿਪ ਨੂੰ ਭਰੋਸਾ ਦਿਵਾਇਆ ਕਿ ਉਹ ਆਪਣੇ ਅਧਿਕਾਰੀਆਂ ਅਤੇ ਵਰਕਰਾਂ ਨਾਲ ਮਿਲ ਕੇ ਪਾਰਟੀ ਵੱਲੋਂ ਦਿੱਤੇ ਹਰ ਕੰਮ ਅਤੇ ਹੁਕਮ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਸੰਧੂ ਦੀ ਜਿੱਤ ਵਿਚ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਮੰਡਲ ਜਨਰਲ ਸਕੱਤਰ ਦਵਿੰਦਰ ਬੌਬੀ ਤੇ ਗੌਰਵ ਭਾਟੀਆ, ਮੰਡਲ ਮੀਤ ਪ੍ਰਧਾਨ ਸੁਮਨ ਧਵਨ, ਸਿਕੰਦਰ ਗਿੱਲ, ਗੌਰਵ ਸੇਠ, ਵਿਜੇ ਸਿੰਘਾਨੀਆ, ਰਮਨ ਸ਼ਰਮਾ, ਬੰਸੀ ਲਾਲ, ਰਣਧੀਰ ਸਿੰਘ, ਗੋਪਾਲ ਵਰਮਾ, ਪ੍ਰਮੋਦ ਗੁਪਤਾ, ਲਲਿਤ ਸ਼ਰਮਾ, ਹਰੀਸ਼ ਕੇਜਰੀਵਾਲ, ਵਿਪਨ. , ਸਤਬੀਰ ਸਿੰਘ ਲੱਕੀ, ਜਗਪਾਲ, ਭਰਤ, ਸਰਬਜੀਤ ਸਿੰਘ ਢੋਟ, ਹੀਰਾ ਲਾਲ, ਰੋਬਿਨ, ਭਾਵੇਸ਼, ਮੁਕੇਸ਼ ਖੰਨਾ, ਮੁਕੇਸ਼ ਹੈਪੀ, ਰਾਕੇਸ਼ ਹੈਪੀ ਆਦਿ ਸਮੇਤ ਸੈਂਕੜੇ ਵਰਕਰ ਹਾਜ਼ਰ ਸਨ।



**ਮੋਦੀ ਜੀ ਨੇ ਅੰਮ੍ਰਿਤਸਰ ਤੋਂ ਤਰਨਜੀਤ ਸੰਧੂ ਦੇ ਰੂਪ ਵਿੱਚ ਇੱਕ ਸੂਝਵਾਨ ਅਤੇ ਕਾਬਲ ਉਮੀਦਵਾਰ ਦਿੱਤਾ ਹੈ: ਹਰਵਿੰਦਰ ਸਿੰਘ ਸੰਧੂ**

ਆਵਾਜ਼ਿ ਕੌਮ AWAZE QAUM International Newspaper & WEB TV

# ਮਾਇਆਪੁਰੀ ਗੁਰਦੁਆਰਾ ਬੇਦਅਬੀ ਮਾਮਲਾ, ਦੋਸ਼ੀ ਦੀ ਅਪੀਲ ਖਾਰਿਜ

**ਨਵੀਂ ਦਿੱਲੀ 10 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਦੇ ਮਾਇਆਪੁਰੀ ਇਲਾਕੇ ਦੀ ਖਜ਼ਾਨ ਬਸਤੀ ਅੰਦਰ ਯੋਗੇਸ਼ ਨਾਮੀ ਸ਼ਖਸ਼ ਵਲੋਂ ਗੁਰੂਘਰ ਅੰਦਰ ਵੜ ਕੇ ਕਪੜੇ ਨੂੰ ਲਾਈਟਰ ਰਾਹੀਂ ਅੱਗ ਲਗਾ ਕੇ ਗੁਰੂਘਰ ਨੂੰ ਅੱਗ ਲਗਾਉਣ ਦੀ ਕੋਸ਼ਿਸ਼ ਕੀਤੀ ਗਈ ਸੀ ਜਿਸ ਨੂੰ ਸਮੇਂ ਸਿਰ ਸੇਵਾਦਾਰ ਅਤੇ ਸੰਗਤਾਂ ਨੇ ਫੜ ਕਰਕੇ ਪੁਲਿਸ ਦੇ ਹਵਾਲੇ ਕਰ ਦਿੱਤਾ ਸੀ ਤੇ ਵੱਡਾ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ ਸੀ । ਦੋਸ਼ੀ ਕੋਲੋਂ ਨਸ਼ਾ, ਹਿੰਦੂ ਧਰਮ ਦਾ ਸਵਾਸਤਿਕ ਦੇ ਨਿਸ਼ਾਨ ਵਾਲਾ ਝੰਡਾ ਅਤੇ ਹੋਰ ਨਸ਼ੀਲਾ ਸਮਾਨ ਬਰਾਮਦ ਹੋਇਆ ਸੀ । ਤਦ ਤੋਂ ਓਹ ਦਿੱਲੀ ਦੀ ਤਿਹਾੜ ਜੇਲ੍ਹ ਅੰਦਰ ਬੰਦ ਹੈ । ਉਸ ਦੇ ਪਰਿਵਾਰ ਵਲੋਂ ਓਸ ਨੂੰ ਮੰਦ ਬੁਧੀ ਦੱਸ ਕੇ ਓਸ ਦਾ ਇਲਾਜ ਕਰਵਾਉਣ ਲਈ ਅਦਾਲਤ ਅੰਦਰ ਅਪੀਲ ਲਗਾਈ ਗਈ ਸੀ ਜਿਸ ਦੀ ਸੁਣਵਾਈ ਕਰਦਿਆਂ ਦਿੱਲੀ ਗੁਰਦਵਾਰਾ ਕਮੇਟੀ ਦੇ ਵਕੀਲ ਤੇਜਪ੍ਰਤਾਪ ਸਿੰਘ ਵਲੋਂ ਜ਼ੋਰਦਾਰ ਬਹਿਸ ਕਰਦਿਆਂ ਜੱਜ ਸਾਹਿਬ ਨੂੰ ਦੋਸ਼ੀ ਦੀ ਅਪੀਲ ਖਾਰਿਜ ਕਰਨ ਲਈ ਮਜਬੂਰ ਕਰ ਦਿੱਤਾ । ਦਿੱਲੀ ਪੁਲਿਸ ਵਲੋਂ ਮਾਮਲੇ ਅੰਦਰ ਦੋਸ਼ੀ ਯੋਗੇਸ਼ ਵਿਰੁੱਧ ਐਫਆਈਆਰ ਨੰ. 88/24 ਧਾਰਾਵਾਂ 1531,298,2951,506 ਤਹਿਤ ਮਾਮਲਾ ਦਰਜ਼ ਕੀਤਾ ਗਿਆ ਹੈ । ਵਕੀਲ ਤੇਜਪਰਤਾਪ ਸਿੰਘ ਨੇ ਦਸਿਆ ਕਿ ਦੋਸ਼ੀ ਦਾ ਇਲਾਜ ਜੇਲ੍ਹ ਤੋਂ ਬਾਹਰ ਕਰਵਾਉਣ ਲਈ ਇੱਕ ਅਰਜ਼ੀ ਅੱਜ ਮਾਨਯੋਗ ਅਦਾਲਤ ਦੇ ਸਾਹਮਣੇ ਆਈ ਸੀ । ਜਿਸ ਅੰਦਰ ਉਨ੍ਹਾਂ ਨੇ ਇਬਹਾਸ ਅਸਪਤਾਲ ਦਿਲਸ਼ਾਦ ਗਾਰਡਨ, ਪੂਰਬੀ ਦਿੱਲੀ ਵਿੱਚ ਉਸਦੇ ਇਲਾਜ ਲਈ ਮੰਗ ਕੀਤੀ ਗਈ ਸੀ। ਅਦਾਲਤ ਵਿਚ ਅਸੀ ਪੇਸ਼ ਹੋਏ ਅਤੇ ਅਰਜ਼ੀ ਦੇ ਵਿਰੁੱਧ ਲੰਮੀ ਬਹਿਸ ਕੀਤੀ ਜਿਸ ਉਪਰੰਤ ਜੱਜ ਸਾਹਿਬ ਨੇ ਸਾਡੇ ਤਰਕਾਂ ਨਾਲ ਸਹਿਮਤ ਹੁੰਦਿਆਂ ਦੋਸ਼ੀ ਦੀ ਅਪੀਲ ਨੂੰ ਖਾਰਜ ਕਰ ਦਿੱਤਾ।



ਆਵਾਜ਼ਿ ਕੌਮ AWAZE QAUM International Newspaper & WEB TV

# ਜਠੇਰਿਆਂ ਦਾ ਮੇਲਾ ਸੰਗੂ, ਜੰਡੂ, ਅੱਠੀ ਗੋਤਰ ਦੀਆਂ ਸੰਗਤਾਂ ਨੇ ਚਾਵਾਂ ਸੱਧਰਾਂ ਨਾਲ ਮਨਾਇਆ



**ਜੰਡਿਆਲਾ ਮੰਜਕੀ ਨਕੋਦਰ ਮਹਿਤਪੁਰ (ਹਰਜਿੰਦਰ ਪਾਲ ਛਾਬੜਾ)** -ਜ਼ਿਲ੍ਹਾ ਜਲੰਧਰ ਦੇ ਪਿੰਡ ਜੰਡਿਆਲਾ ਮੰਜਕੀ ਸਥਿਤ ਜਠੇਰਿਆਂ ਦੇ ਪਵਿੱਤਰ ਅਸਥਾਨ ਦੇ ਪ੍ਰਮੁੱਖ ਸੇਵਾਦਾਰ ਪ੍ਰੇਮ ਸਿੰਘ ਸੰਗੂ ਦੀ ਅਗਵਾਈ ਵਿੱਚ ਸੰਗੂ, ਜੰਡੂ, ਅੱਠੀ ਗੋਤਰ ਦੇ ਜਠੇਰਿਆਂ ਦਾ ਸਾਲਾਨਾ ਮੇਲਾ ਬੜੇ ਸ਼ਰਧਾ ਭਾਵ ਅਤੇ ਚਾਵਾਂ ਨਾਲ ਮਨਾਇਆ ਗਿਆ। ਮੇਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਨੇ ਦੱਸਿਆ ਕਿ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਆਪਣੇ ਰੱਬ ਰੂਪੀ ਜਠੇਰਿਆਂ ਪ੍ਰਤੀ ਬੜੀ ਵੱਡੀ ਅਹਿਮੀਅਤ ਦਿਖਾਈ। ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਦੀ ਪ੍ਰਧਾਨ ਲਾਇਨ ਸੋਮਿਨਾਂ ਸੰਧੂ ਨੇ ਅੱਖੀਂ ਡਿੱਠਾ ਹਾਲ ਸੁਣਾਉਂਦੇ ਹੋਏ ਕਿਹਾ ਕਿ ਦੇਸ਼ ਵਿਦੇਸ਼ ਦੀਆਂ ਸੰਗਤਾਂ ਆਪਣੀਆਂ ਆਸਾਂ ਮੁਰਾਦਾਂ ਪੂਰੀਆਂ ਹੋਣ ਦੀ ਖੁਸ਼ੀ ਵਿੱਚ ਆਪ ਮੁਹਾਰੇ ਆਪਣੇ ਵੱਡੇ ਵਡੇਰਿਆਂ ਲਈ ਭਾਂਤ-ਭਾਂਤ ਤਰ੍ਹਾਂ ਦੀਆਂ ਮਿਠਿਆਈਆਂ, ਫਲ-ਫਰੂਟ, ਦੁੱਧ, ਜਲ, ਦੇਸੀ ਘਿਉ, ਧਨ-ਰਾਸ਼ੀ ਆਦਿ ਸਮਰਪਿਤ ਕਰ ਰਹੀਆਂ ਸਨ। ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਲਈ ਉੱਚ ਪੱਧਰੀ ਖਾਣ ਪਾਣ ਦੇ ਪ੍ਰਬੰਧ ਕੀਤੇ ਹੋਏ ਸਨ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਭੋਗ ਉਪਰੰਤ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਲਾਇਨ ਬਬਿਤਾ ਸੰਧੂ ਅਤੇ ਦਿਨਕਰ ਸੰਧੂ ਨੇ ਦੱਸਿਆ ਕਿ ਪਾਰਦਰਸ਼ਤਾ ਨੂੰ ਮੁੱਖ ਰੱਖਦਿਆਂ ਸ. ਪ੍ਰੇਮ ਸਿੰਘ ਸੰਗੂ ਨੇ ਦਾਨ ਵੀਰ ਸੱਜਣਾ ਦੇ ਨਾਮ ਅਤੇ ਖ਼ਰਚ-ਬੱਚਤ ਦਾ ਬਿਓਰਾ ਜਨਤਕ ਕਰਦਿਆਂ ਆਈਆਂ ਹੋਇਆਂ ਦੇਸ਼ ਵਿਦੇਸ਼ ਦੀਆਂ ਸਮੂਹ ਸੰਗਤਾਂ ਦਾ ਕੋਟਿ ਕੋਟਿਨ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਚੋਣ ਜ਼ਾਬਤਾ ਲਗਣ ਤੋਂ ਬਾਅਦ ਨੂੰ ਯੂ-ਟਿਊਬ ਚੈਨਲਾਂ ਉੱਤੇ ਸਰਕਾਰੀ ਪਾਬੰਦੀਆਂ ਤਾਨਾਸ਼ਾਹੀ ਕਾਰਵਾਈ:- ਕੇਂਦਰੀ ਸਿੰਘ ਸਭਾ

ਚੰਡੀਗੜ੍ਹ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਅਠਾਰਵੀ ਲੋਕ ਸਭਾ ਦੀ ਚੋਣ ਪ੍ਰਕਿਰਿਆ ਸ਼ੁਰੂ ਹੋਣ ਅਤੇ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ ਭਾਜਪਾ ਸਰਕਾਰ ਦੀ ਕਾਰਗੁਜ਼ਾਰੀ ਉੱਤੇ ਉਗਲ ਉਠਾਉਣ ਵਾਲੇ ਯੂ-ਟਿਊਬ ਚੈਨਲ, "ਬੋਲਤਾ ਹਿੰਦੁਸਤਾਨ" ਨੂੰ ਸਰਕਾਰੀ ਤੌਰ ਉੱਤੇ ਬੰਦ ਕਰਵਾ ਦੇਣਾ, ਦੂਸਰੇ ਕਈਆ ਨੂੰ ਨੋਟਿਸ ਦੇਣਾ, 'ਅਜ਼ਾਦ ਤੇ ਨਿਰਪੱਖ ਚੋਣ' ਵਿੱਚ ਸਿਰਫ ਅੜਿਕਾ ਹੀ ਨਹੀਂ ਬਲਕਿ ਤਾਨਾਸ਼ਾਹੀ ਰਾਜ ਪ੍ਰਬੰਧ ਦੀ ਸਥਾਪਤੀ ਦੀ ਆਮਦ ਵੀ ਹੈ। ਦੋ ਵੱਡੇ ਹੋਰ ਯੂ-ਟਿਊਬ ਚੈਨਲ, 'ਆਰਟੀਕਲ 19' ਅਤੇ ਦਲਿਤ ਸੰਸਥਾਵਾਂ ਵੱਲੋਂ ਸ਼ੁਰੂ ਕੀਤਾ, "ਨੈਸ਼ਨਲ ਦਸਤਕ" ਜਿੰਨਾਂ ਦੇ 'ਸਬਸਕਾਈਬਰ' ਮਿਲੀਅਨ ਤੋਂ ਉਪਰ ਹਨ, ਨੂੰ ਵੀ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਬੰਦ ਕਰਨ ਲਈ ਨੋਟਿਸ ਭੇਜ ਦਿੱਤੇ ਹਨ। ਇਸ ਤੋਂ ਇਲਾਵਾ ਮੋਦੀ ਸਰਕਾਰ ਨੂੰ ਸਿੱਧੇ ਸਵਾਲ ਕਰਨ ਵਾਲੇ 'ਯੂ-ਟਿਊਬਰਜ਼' ਵੀ ਸਰਕਾਰੀ ਨਿਸ਼ਾਨੇ ਉੱਤੇ ਹਨ। ਲੋਕਤੰਤਰ ਦੀ ਪਰੰਪਰਾ ਅਨੁਸਾਰ ਜਿਹੜੇ ਯੂ-ਟਿਊਬ ਚੈਨਲ ਭਾਜਪਾ ਦੀ ਸਰਕਾਰ ਦੀ ਨੁਕਤਾਚੀਨੀ ਕਰਦੇ ਹਨ ਅਤੇ ਪ੍ਰਧਾਨ ਮੰਤਰੀ ਮੋਦੀ ਦੀ ਗੋਦੀ ਮੀਡੀਆ ਦੀ ਤਰਜ਼ ਉੱਤੇ ਵਡਿਆਰੀ ਨਹੀਂ ਕਰਦੇ, ਉਹਨਾਂ ਸਾਰਿਆਂ ਦੇ ਵਿਊਅਰਜ਼ ਦੀ ਗਿਣਤੀ ਸੋਸ਼ਲ ਮੀਡੀਆ ਪਲੇਟ ਫਾਰਮਜ਼ ਦੇ ਮਾਲਕਾਂ ਦੀ ਤਕਨੀਕੀ ਮਦਦ ਨਾਲ ਲੱਖਾਂ ਤੋਂ ਥੱਲੇ ਹਜ਼ਾਰਾਂ ਵਿੱਚ ਘਟਵਾ ਦਿੱਤੀ ਹੈ। ਚੋਣ ਪ੍ਰਕਿਰਿਆ ਸਮੇਂ, ਕਾਨੂੰਨ ਤੌਰ ਉੱਤੇ ਸਾਰੇ ਸਰਕਾਰੀ ਅਧਿਕਾਰੀ ਚੋਣ ਕਮਿਸ਼ਨ ਕੋਲ ਹੁੰਦੇ ਹਨ। ਕਾਂਗਰਸ, ਤ੍ਰਿਣਮੂਲ ਕਾਂਗਰਸ ਅਤੇ ਹੋਰ ਕਈ ਵਿਰੋਧੀ ਪਾਰਟੀਆਂ ਦੇ ਲੀਡਰਾਂ ਨੇ ਚੋਣ ਕਮਿਸ਼ਨ ਕੋਲ ਪਹੁੰਚ ਕਰਕੇ, ਮੰਗ ਕੀਤੀ ਹੈ, ਕਿ ਮੀਡੀਆ ਅਦਾਰਿਆਂ ਉੱਤੇ ਅਜਿਹੇ ਤਾਨਾਸ਼ਾਹੀ ਹਮਲੇ ਨਹੀਂ ਹੋਣੇ ਚਾਹੀਦੇ। ਅਫਸੋਸ ਹੈ ਕਿ ਅਜੇ ਤੱਕ ਚੋਣ ਕਮਿਸ਼ਨ ਵੱਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ। ਇਹ ਜੱਗ ਜਾਹਰ ਹੈ ਕਿ ਨਰਿੰਦਰ ਮੋਦੀ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਹੈ ਜਿੰਨ੍ਹਾਂ ਨੇ ਆਪਣੇ 10 ਸਾਲਾਂ ਦੇ ਰਾਜਕਾਲ ਵਿੱਚ ਇਕ ਵੀ ਰਸ਼ਮੀ ਪ੍ਰੈਸ ਕਾਨਫਰੰਸ ਨਹੀਂ ਕੀਤੀ। ਮੋਦੀ ਤੋਂ ਪਹਿਲਾ ਸਰਦਾਰ ਮਨਮੋਹਨ ਸਿੰਘ, ਸਾਬਕਾ ਪ੍ਰਧਾਨ ਮੰਤਰੀ ਨੇ ਆਪਣੀਆਂ ਦੋ ਪਾਰੀਆਂ ਦੌਰਾਣ 40 ਤੋਂ ਉਪਰ ਪ੍ਰੈਸ ਮਿਲਣੀਆਂ ਕੀਤੀਆਂ ਸਨ। ਇਸ ਤੋਂ ਇਲਾਵਾ, ਮੋਦੀ ਸਰਕਾਰ ਦੌਰਾਣ ਮੁੱਖ ਧਾਰਾ ਮੀਡੀਆ ਅਦਾਰਿਆਂ ਉੱਤੇ ਕਾਰਪੋਰੇਟ ਹਾਊਸ ਦੀ ਮਲਕੀਅਕਤ ਜੰਮ ਗਈ ਹੈ ਅਤੇ ਉਹ ਪੂਰਨ ਰੂਪ ਵਿੱਚ ਗੋਦੀ/ਦਰਾਬਾਰੀ ਮੀਡੀਆ ਬਣ ਗਿਆ ਹੈ। ਹੁਣ ਸਿਰਫ, ਯੂ-ਟਿਊਬਰ ਅਤੇ ਚੰਦ ਕੁ ਡਿਜ਼ੀਟਲ ਆਨ ਲਾਈਨ ਨਿਊਜ਼ ਪ੍ਰੋਟਲ ਪਲੇਟ ਫਾਰਮ ਹੀ ਅਜ਼ਾਦ ਮੀਡੀਆ ਦੀ ਭੂਮਿਕਾ ਨਿਭਾ ਰਹੇ ਹਨ ਜਿੰਨ੍ਹਾਂ ਉੱਤੇ ਵੀ ਸਰਕਾਰੀ ਐਕਸ਼ਨ ਹੋ ਚੁੱਕੇ ਹਨ ਅਤੇ ਕਈ ਨਿਰਪੱਖ ਪੱਤਰਕਾਰ, ਪ੍ਰਬੀਰ ਪੁਰਸ਼ਕਾਰਥਾ ਵਰਗੇ ਜੇਲ੍ਹਾਂ ਦੀਆਂ ਸੁਲਾਖਾਂ ਪਿਛੇ ਬੰਦ ਹਨ। ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਦੀ ਚੋਣ ਕਮਿਸ਼ਨ ਨੂੰ ਅਪੀਲ ਹੈ ਕਿ ਉਹ ਅਜ਼ਾਦ ਅਤੇ ਨਿਰਪੱਖ ਚੋਣ ਕਰਵਾਉਣ ਲਈ ਮੀਡੀਆਂ ਉਤੇ ਵੱਧ ਰਹੀਆਂ ਸਰਕਾਰੀ ਪਾਬੰਦੀਆਂ ਉੱਤੇ ਰੋਕ ਲਾਵੇ।



# ਸਵ . ਹਿੰਮਤ ਸਿੰਘ ਗਰਚਾ ਸਵਰਗਵਾਸ



ਆਵਾਜ਼ਿ ਕੌਮ
AWAZE QAUM
International Newspaper & WEB TV

## ਸਵ . ਹਿੰਮਤ ਸਿੰਘ ਗਰਚਾ

ਸ੍ ਹਿੰਮਤ ਸਿੰਘ ਗਰਚਾ ਅੱਜ ਸਵੇਰੇ 8 ਵਜੇ ਅਕਾਲ ਚਲਾਣਾ ਕਰ ਗਏ ਸ੍ ਹਿੰਮਤ ਸਿੰਘ ਦੀ ਗੁਰਦੁਆਰਾ ਸੇਜਲੀ ਸਰਟੀਟ ਵੁਲਵਰਹੈਂਪਟਨ ਵਿਖੇ ਲੰਮੇ ਸਮੇ ਤੋ ਸਵੇਵਾਂ ਨਿਭਾ ਰਹੇ ਸਨ ਖਾਸ਼ਕਰ ਉਹ ਦੇਗ ਦੀਆ ਸਵੇਵਾ ਕਰਦੇ ਸਨ ਗੁਰਦੁਆਰ ਪ੍ਰਬੰਧ ਵਿੱਚ ਵੀ ਰਹੇ ਤੇ ਹੁਣ ਮੌਜੂਦਾ ਸਮੇ ਗੁਰਦੁਆਰਾ ਸਾਹਿਬ ਦੇ ਚੌਣ ਬੋਰਡ ਦੇ ਵੀ ਮੈਬਰ ਸਨ ਗੁਰਦੁਆਰਾ ਸਾਹਿਬ ਤੇ ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ਪ੍ਰਮਾਤਮਾ ਸ੍ ਗਰਚਾ ਜੀ ਨੂੰ ਆਪਣੇ ਚਰਨਾ ਵਿੱਚ ਨਿਵਾਸ ਬਖਸ਼ਣ ਮਗਰ ਪਰਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸ਼ਣ ਜੀ।



-- : ਵੱਲੋਂ :--

## ਭਾਈ ਕਪਤਾਨ ਸਿੰਘ ਵੁਲਵਰਹੈਪਟਨ

### ਅੰਮ੍ਰਿਤਸਰ ਦੇ ਲੋਕਾਂ ਨੂੰ

# ਦਰਪੇਸ਼ ਮੁਸ਼ਕਲਾਂ ਤੋਂ ਨਿਜਾਤ ਦਿਵਾਵਾਂਗਾ - ਤਰਨਜੀਤ ਸਿੰਘ ਸੰਧੂ

**ਅੰਮ੍ਰਿਤਸਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ ਵਿੱਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਜ਼ਿਲ੍ਹਾ ਦਫ਼ਤਰ ਦਾ ਦੌਰਾ ਕੀਤਾ ਅਤੇ ਭਾਜਪਾ ਵਰਕਰਾਂ ਨਾਲ ਮੁਲਾਕਾਤ ਕੀਤੀ। ਭਾਜਪਾ ਵਰਕਰਾਂ ਨੇ ਸ. ਸੰਧੂ ਦਾ ਗਰਮ ਜੋਸ਼ੀ ਨਾਲ ਸਵਾਗਤ ਕਰਦਿਆਂ ਉਨ੍ਹਾਂ ਨਾਲ ਸੈਲਫੀਆਂ ਲਈਆਂ। ਇਸ ਮੌਕੇ ਸ. ਤਰਨਜੀਤ ਸਿੰਘ ਸੰਧੂ ਨੇ ਵਰਕਰਾਂ ਦਾ ਹੌਸਲਾ ਤੇ ਉਤਸ਼ਾਹ ਵਧਾਉਂਦਿਆਂ ਕਿਹਾ ਕਿ ਆਉਣ ਵਾਲੀ ਸਰਕਾਰ ਵੀ ਭਾਜਪਾ ਦੀ ਹੋਵੇਗੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਪੰਜਾਬ ਅਤੇ ਖ਼ਾਸ ਕਰ ਅੰਮ੍ਰਿਤਸਰ ਲੋਕ ਸਭਾ ਹਲਕੇ ਲਈ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਉਨ੍ਹਾਂ ਨੇ ਸ਼ਹਿਰ ਦਾ ਕਾਫ਼ੀ ਹਿੱਸਾ ਦੇਖ ਲਿਆ ਹੈ। ਲੋਕਾਂ ਵਿਚ ਭਾਰੀ ਉਤਸ਼ਾਹ ਹੈ, ਪਰ ਅਫ਼ਸੋਸ ਕਿ ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਸ਼ਹਿਰ ਦੀ ਸਫ਼ਾਈ ਵਿਵਸਥਾ ਖ਼ਰਾਬ ਹੈ ਤਾਂ ਕਈ ਲੋਕ ਪੀਣ ਵਾਲੇ ਪਾਣੀ ਨੂੰ ਤਰਸ ਰਹੇ ਹਨ। ਸੀਵਰੇਜ ਸਿਸਟਮ 'ਚ ਖ਼ਰਾਬੀ ਅਤੇ ਟਰੈਫ਼ਿਕ ਦੀ ਸਮੱਸਿਆ ਹੈ। ਭਗਤਾਂ ਵਾਲਾ ਕੂੜੇ ਦੇ ਡੰਪ ਤੋਂ ਸ਼ਹਿਰ ਵਾਸੀਆਂ ਨੂੰ ਨਿਜਾਤ ਦਿਵਾਉਣ ਦੀ ਵੱਡੀ ਜ਼ਿੰਮੇਵਾਰੀ ਹੈ। ਅੰਨਗੜ ਦੇ ਲੋਕਾਂ ਦੀਆਂ ਵੀ ਵੱਡੀਆਂ ਸਮੱਸਿਆਵਾਂ ਹਨ। ਉਨ੍ਹਾਂ ਕਿਹਾ ਕਿ ਮੈਂ ਹੈਰਾਨ ਹਾਂ ਕਿ ਚੁਣੇ ਹੋਏ ਲੋਕ ਨੁਮਾਇੰਦਿਆਂ ਨੇ ਲੋਕਾਂ ਦੀਆਂ ਮੁਸ਼ਕਲਾਂ ਵਲ ਧਿਆਨ ਕਿਉਂ ਨਹੀਂ ਦਿੱਤਾ। ਉਨ੍ਹਾਂ ਯਕੀਨ ਦਿਵਾਉਂਦਿਆਂ ਕਿਹਾ ਕਿ ਚੋਣਾਂ ਤੋਂ ਬਾਅਦ ਕੇਂਦਰ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ ਜਿਸ ਨਾਲ ਸ਼ਹਿਰ ਦੀ ਨੁਹਾਰ ਬਦਲੀ ਜਾਵੇਗੀ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਬਿਨਾ ਛੱਡ ਨਹੀਂ ਰਹੇਗਾ। ਪ੍ਰਧਾਨ ਮੰਤਰੀ ਮੋਦੀ ਦੀਆਂ ਸਭ ਸਕੀਮਾਂ ਅੰਮ੍ਰਿਤਸਰ ਦੇ ਲੋਕਾਂ ਤਕ ਪਹੁੰਚਾਈਆਂ ਜਾਣਗੀਆਂ। ਉਨ੍ਹਾਂ ਵਰਕਰਾਂ ਨੂੰ ਚੋਣਾਂ ਲਈ ਕਮਰਕੱਸਾ ਕਰ ਲੈਣ ਅਤੇ ਲੋਕਾਂ ਵਿਚ ਜਾ ਕੇ ਇਹ ਗਰੰਟੀ ਦੇਣ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਜ਼ਰੂਰ ਕੱਢਿਆ ਜਾਵੇਗਾ। ਇਸ ਮੌਕੇ ਹਾਜ਼ਰ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਅਤੇ ਡਾ. ਰਾਮ ਚਾਵਲਾ ਨੇ ਕਿਹਾ ਕਿ ਭਾਜਪਾ ਵਰਕਰਾਂ ਨੇ ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਸਾਬਕਾ ਰਾਜਦੂਤ ਸ. ਤਰਨਜੀਤ ਸਿੰਘ ਸੰਧੂ ਦੀ ਜਿੱਤ ਯਕੀਨੀ ਬਣਾਉਣ ਲਈ ਕਮਰਕੱਸੇ ਕਰ ਲਏ ਹਨ। ਉਨ੍ਹਾਂ ਕਿਹਾ ਕਿ ਤਰਨਜੀਤ ਸਿੰਘ ਸੰਧੂ ਹੀ ਅੰਮ੍ਰਿਤਸਰ ਅਤੇ ਪੰਜਾਬ ਦੀ ਲੋਕ ਸਭਾ ਵਿਚ ਢੁਕਵੀਂ ਨੁਮਾਇੰਦਗੀ ਕਰਨ ਦੇ ਯੋਗ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਨੇ ਪਿਛਲੇ 7 ਸਾਲਾਂ ਤੋਂ ਅੰਮ੍ਰਿਤਸਰ ਦੀ ਨੁਮਾਇੰਦਗੀ ਕੀਤੀ ਹੈ ਉਨ੍ਹਾਂ ਨੇ ਸ਼ਹਿਰ ਦਾ ਕੋਈ ਵਿਕਾਸ ਨਹੀਂ ਕਰਾਇਆ। ਇਸ ਵਾਰ ਗੁਰੂ ਨਗਰੀ ਦੇ ਲੋਕ ਸ. ਤਰਨਜੀਤ ਸਿੰਘ ਸੰਧੂ ਨੂੰ ਜਿਤਾ ਕੇ ਭਾਜਪਾ ਨੂੰ ਮੌਕਾ ਦੇਣਗੇ। ਉਨ੍ਹਾਂ ਕਿਹਾ ਕਿ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਗੁਰੂ ਨਗਰੀ ਦੇ ਵਿਕਾਸ ਅਤੇ ਲੋਕਾਂ ਦੀ ਖ਼ੁਸ਼ਹਾਲੀ ਦੇ ਏਜੰਡੇ ਨੂੰ ਲੈ ਕੇ ਚੋਣ ਮੈਦਾਨ ਵਿਚ ਸ੍ਰੀ ਨਰਿੰਦਰ ਮੋਦੀ ਵੱਲੋਂ ਉਤਾਰੇ ਗਏ ਹਨ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੀ ਸਰਵਪੱਖੀ ਤਰੱਕੀ ਲਈ ਇਸ ਵਾਰ ਤਰਨਜੀਤ ਸਿੰਘ ਸੰਧੂ ਨੂੰ ਲੋਕ ਸਭਾ ਵਿਚ ਭੇਜਿਆ ਜਾਵੇਗਾ। ਭਾਜਪਾ ਆਗੂਆਂ ਨੇ ਵਰਕਰਾਂ ਨੂੰ ਸੰਬੋਧਨ ਹੁੰਦਿਆਂ ਘਰ ਘਰ ਜਾ ਕੇ ਲੋਕਾਂ ਨੂੰ ਇਹ ਸੁਨੇਹਾ ਪਹੁੰਚਾਉਣ ਦੀ ਅਪੀਲ ਕੀਤੀ ਕਿ ਤਰਨਜੀਤ ਸਿੰਘ ਸੰਧੂ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਕ੍ਰਾਂਤੀਕਾਰੀ ਤਬਦੀਲੀ ਲਿਆ ਸਕਦਾ। ਜੇਕਰ ਅਸੀਂ ਅੰਮ੍ਰਿਤਸਰ ਨੂੰ ਕਿਸੇ ਮੁਕਾਮ 'ਤੇ ਲੈ ਕੇ ਜਾਣਾ ਚਾਹੁੰਦੇ ਹਾਂ ਤਾਂ ਤਰਨਜੀਤ ਸਿੰਘ ਸੰਧੂ ਨੂੰ ਚੁਣਿਆ ਜਾਵੇ । ਅੰਮ੍ਰਿਤਸਰ ਲਈ ਇਹਨਾਂ ਨੂੰ ਕਾਮਯਾਬ ਬਣਾ ਕੇ ਸਾਂਸਦ ਵਜੋਂ ਦਿੱਲੀ ਭੇਜਿਆ ਜਾਵੇਗਾ ਤਾਂ ਜੋ ਇਹ ਅੰਮ੍ਰਿਤਸਰ ਲਈ ਸਮਰਪਿਤ ਹੋਕੇ ਕੰਮ ਕਰ ਸਕਣ ਅਤੇ ਅੰਮ੍ਰਿਤਸਰ ਵਿੱਚ ਵਿਸ਼ਵ ਪੱਧਰੀ ਤਰੱਕੀ ਦੀ ਨਵੀਂ ਇਬਾਰਤ ਲਿਖੀ ਜਾ ਸਕੇ। ਉਨ੍ਹਾਂ ਕਿਹਾ ਕਿ ਤਰਨਜੀਤ ਸਿੰਘ ਸੰਧੂ ਨੇ ਭਾਰਤੀ ਵਿਦੇਸ਼ ਸੇਵਾ ਦੌਰਾਨ ਉੱਚ ਅਹੁਦਿਆਂ 'ਤੇ ਪਹੁੰਚ ਕੇ ਦੇਸ਼ ਸੇਵਾ ਦੇ ਨਾਲ-ਨਾਲ ਆਪਣੇ ਸ਼ਹਿਰ ਅੰਮ੍ਰਿਤਸਰ ਦਾ ਨਾਮ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਤਰਨਜੀਤ ਸਿੰਘ ਸੰਧੂ ਕੋਲ ਅੰਮ੍ਰਿਤਸਰ ਨੂੰ ਤਰੱਕੀ ਪੱਖੋਂ ਬੇਹੱਦ ਅੱਗੇ ਲਿਜਾਣ ਲਈ ਦੂਰ ਅੰਦੇਸ਼ੀ ਸੋਚ, ਇੱਕ ਪੂਰਾ ਰੋਡਮੈਪ, ਇੱਕ ਬਿਹਤਰੀਨ ਵਿਜ਼ਨ ਹੈ। ਜੋ ਆਪਣੇ ਚੰਗੇ ਸੰਬੰਧਾਂ ਰਾਹੀਂ ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਅਤੇ ਅਮਰੀਕਾ, ਕੈਨੇਡਾ, ਜਰਮਨੀ ਤੋਂ ਵੱਡੇ ਨਿਵੇਸ਼, ਪ੍ਰੋਜੈਕਟਾਂ ਨੂੰ ਅੰਮ੍ਰਿਤਸਰ ਲਿਆ ਸਕਦੇ ਹਨ। ਉਨ੍ਹਾਂ ਕਲਮ ਦੇ ਫੁੱਲ 'ਤੇ ਮੋਹਰਾਂ ਲਾ ਕੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ ਜਿੱਤ ਦਿਵਾਉਣ ਦੀ ਅਪੀਲ ਕੀਤੀ।



**ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਜ਼ਿਲ੍ਹਾ ਦਫ਼ਤਰ ਦਾ ਦੌਰਾ ਕੀਤਾ ਅਤੇ ਭਾਜਪਾ ਵਰਕਰਾਂ ਨਾਲ ਕੀਤੀ ਮੁਲਾਕਾਤ**

ਆਵਾਜ਼ਿ ਕੌਮ AWAZE QAUM International Newspaper & WEB TV

### ਤਰਨਜੀਤ ਸਿੰਘ ਸੰਧੂ ਦੀ ਜਿੱਤ ਅੰਮ੍ਰਿਤਸਰ ਦੀ

# ਭਵਿੱਖੀ ਤਰੱਕੀ ਅਤੇ ਆਰਥਿਕ ਖ਼ੁਸ਼ਹਾਲੀ ਦੇ ਨਵੇਂ ਰਾਹ ਖੋਲ੍ਹੇਗੀ- ਪ੍ਰਧਾਨ ਅਨਿਲ ਮਹਿਰਾ

**ਅੰਮ੍ਰਿਤਸਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ ਵਿੱਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਵੱਲੋਂ ਲੋਕ ਸਭਾ ਚੋਣਾਂ 'ਚ ਵਿਕਾਸ ਮੁਖੀ ਅਤੇ ਉਸਾਰੂ ਪ੍ਰਚਾਰ ਨੂੰ ਲੈ ਕੇ ਆਮ ਲੋਕਾਂ ਵਿਚ ਪੈ ਰਹੇ ਚੰਗੇ ਪ੍ਰਭਾਵ 'ਤੇ ਤਸੱਲੀ ਪ੍ਰਗਟ ਕਰਦਿਆਂ ਭਾਜਪਾ ਪੰਜਾਬ ਵਪਾਰ ਮੰਡਲ ਦੇ ਪ੍ਰਧਾਨ ਅਨਿਲ ਮਹਿਰਾ ਨੇ ਕਿਹਾ ਕਿ ਮੌਜੂਦਾ ਸਾਂਸਦ ਅਤੇ ਮੰਤਰੀ ਆਪਣੇ ਹੀ ਰਾਜ ਦੀਆਂ ਸਰਕਾਰਾਂ ਨੂੰ ਅੰਮ੍ਰਿਤਸਰ ਲਈ ਕੁਝ ਨਹੀਂ ਕਰਵਾ ਸਕੇ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਲੋਕ ਸਭਾ ਸੀਟ ਤੋਂ ਤਰਨਜੀਤ ਸਿੰਘ ਸੰਧੂ ਦੀ ਜਿੱਤ ਅੰਮ੍ਰਿਤਸਰ ਦੀ ਭਵਿੱਖੀ ਤਰੱਕੀ ਅਤੇ ਆਰਥਿਕ ਖ਼ੁਸ਼ਹਾਲੀ ਦੇ ਨਵੇਂ ਰਾਹ ਖੋਲ੍ਹੇਗੀ। ਕਿਸੇ ਵੀ ਪਾਰਟੀ ਕੋਲ ਤਰਨਜੀਤ ਸਿੰਘ ਸੰਧੂ ਵਰਗਾ ਇੱਕ ਵੀ ਉਮੀਦਵਾਰ ਨਹੀਂ ਹੈ ਜੋ ਬੇਦਾਗ., ਪੜ੍ਹੇ-ਲਿਖੇ, ਸੂਝਵਾਨ, ਅੰਤਰਰਾਸ਼ਟਰੀ ਪੱਧਰ 'ਤੇ ਤਜਰਬੇਕਾਰ, ਦੋਸਤਾਨਾ ਅਤੇ ਅੰਮ੍ਰਿਤਸਰ ਨੂੰ ਸਮਰਪਿਤ ਹੋਵੇ। ਉਨ੍ਹਾਂ ਕਿਹਾ ਕਿ ਸ. ਸੰਧੂ ਚੋਣ ਪ੍ਰਚਾਰ 'ਚ ਨਵੇਂ ਕੀਰਤੀਮਾਨ ਸਥਾਪਿਤ ਕਰ ਰਹੇ ਹਨ। ਅਨਿਲ ਮਹਿਰਾ ਨੇ ਅੱਜ ਸ. ਤਰਨਜੀਤ ਸਿੰਘ ਸੰਧੂ ਦੇ ਚੋਣ ਪ੍ਰਚਾਰ 'ਚ ਹਿਸਾ ਲਿਆ ਅਤੇ ਪੰਜਾਬ ਵਪਾਰ ਮੰਡਲ ਵੱਲੋਂ ਪੂਰਨ ਸਹਿਯੋਗ ਦਾ ਵਿਸ਼ਵਾਸ ਦਿੱਤਾ। ਭਾਜਪਾ ਆਗੂ ਰਾਜੀਵ ਸ਼ਰਮਾ ਡਿੰਪੀ ਅਤੇ ਦਿਵਸ ਜੋਤੀ ਜਾਗਰਨ ਸੰਸਥਾ ਤੋਂ ਡਾ. ਬਲਵਿੰਦਰ ਸਿੰਘ ਦੀ ਮੌਜੂਦਗੀ 'ਚ ਉਨ੍ਹਾਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ. ਸੰਧੂ ਦਾ ਅੰਮ੍ਰਿਤਸਰ ਦੇ ਵਿਸ਼ਵ ਪੱਧਰੀ ਵਿਕਾਸ ਲਈ ਸੰਸਦ ਮੈਂਬਰ ਬਣਨਾ ਜ਼ਰੂਰੀ ਹੈ। ਇਸ ਲੋਕ ਸਭਾ ਚੋਣ 2024 ਵਿੱਚ ਸੰਧੂ ਦੀ ਜਿੱਤ ਅੰਮ੍ਰਿਤਸਰ ਦੇ ਆਰਥਿਕ ਵਿਕਾਸ ਨੂੰ ਨਵੇਂ ਖੰਭ ਲਾ ਸਕਦੀ ਹੈ, ਅੰਮ੍ਰਿਤਸਰ ਦੀ ਗੁਆਚੀ ਹੋਈ ਸ਼ਾਨ ਨੂੰ ਬਹਾਲ ਕਰ ਸਕਦੀ ਹੈ ਜੋ ਇੱਕ ਵਪਾਰਕ ਸ਼ਹਿਰ ਵਜੋਂ ਜਾਣਿਆ ਜਾਂਦਾ ਹੈ। ਅੱਜ ਸਵਾਲ ਸਿਰਫ਼ ਸੰਧੂ ਦੀ ਦੂਰਅੰਦੇਸ਼ੀ ਅਤੇ ਸਾਰਥਿਕ ਸੋਚ ਨਾਲ ਅੰਮ੍ਰਿਤਸਰ ਨੂੰ ਅੱਗੇ ਲਿਜਾਇਆ ਜਾ ਸਕਦਾ ਹੈ। ਇਹ ਚੋਣ ਵੀ ਆਰਥਿਕ ਤਰੱਕੀ ਦੇ ਲਿਹਾਜ਼ ਨਾਲ ਅੰਮ੍ਰਿਤਸਰ ਦੀ ਹੋਂਦ ਨੂੰ ਕਾਇਮ ਰੱਖਣ ਅਤੇ ਅੰਮ੍ਰਿਤਸਰ ਦੇ ਖ਼ੁਸ਼ਹਾਲ ਭਵਿੱਖ ਲਈ ਤਰਨਜੀਤ ਸਿੰਘ ਸੰਧੂ ਦਾ ਸਾਥ ਦੇਣ ਅਤੇ ਮਿਲ ਕੇ ਲੜਨ ਦੀ ਵਾਰੀ ਹੈ।

ਅਨਿਲ ਮਹਿਰਾ ਨੇ ਕਿਹਾ ਕਿ ਅਮਰੀਕਾ ਵਿੱਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਇੱਕ ਅਜਿਹੀ ਸ਼ਖ਼ਸੀਅਤ ਹਨ ਜਿਨ੍ਹਾਂ ਦੇ ਕੰਮ ਦੀ ਅਮਰੀਕੀ ਰਾਸ਼ਟਰਪਤੀ ਨੇ ਵੀ ਸ਼ਲਾਘਾ ਕੀਤੀ ਹੈ, ਜਿਨ੍ਹਾਂ ਦੀ ਕਾਰਜਸ਼ੈਲੀ ਤੋਂ ਪ੍ਰਧਾਨ ਮੰਤਰੀ ਮੋਦੀ ਵੀ ਪ੍ਰਭਾਵਿਤ ਹਨ। ਉਨ੍ਹਾਂ ਕਿਹਾ ਕਿ ਸੰਧੂ ਨਾਲ ਨਾਲ ਵਿਸ਼ਵ ਬੈਂਕ ਦੇ ਮੁਖੀ ਅਜੈ ਬੰਗਾ ਵੀ ਅਕਸਰ ਮਿਲਦੇ ਰਹਿੰਦੇ ਹਨ। ਸੰਧੂ ਜੀ ਨੇ ਜਿੱਥੇ ਇੰਨੇ ਵੱਡੇ ਅਹੁਦਿਆਂ 'ਤੇ ਪਹੁੰਚ ਕੇ ਅੰਮ੍ਰਿਤਸਰ ਨੂੰ ਮਸ਼ਹੂਰ ਕੀਤਾ, ਉੱਥੇ ਹੀ ਅੱਜ ਦੇਸ਼ ਦੀ ਸੇਵਾ ਕਰਨ ਤੋਂ ਬਾਅਦ ਆਪਣੇ ਸ਼ਹਿਰ ਅੰਮ੍ਰਿਤਸਰ ਦੇ ਵਿਸ਼ਵ ਪੱਧਰੀ ਵਿਕਾਸ ਲਈ ਇਕ ਮੁਕੰਮਲ ਰੂਪ-ਰੇਖਾ ਅਤੇ ਵਿਜ਼ਨ ਲੈ ਕੇ ਆਏ ਹਨ, ਜਿਸ ਸਦਕਾ ਆਉਣ ਵਾਲੇ ਭਵਿਖ 'ਚ ਅੰਮ੍ਰਿਤਸਰ ਨੂੰ ਕਈ ਵੱਡੇ ਪ੍ਰਾਜੈਕਟ ਮਿਲਣਗੇ। ਵਿਕਾਸ ਅਤੇ ਸਾਫ਼ ਸਫ਼ਾਈ 'ਚ ਅੰਮ੍ਰਿਤਸਰ ਇੰਦੌਰ ਦਾ ਮੁਕਾਬਲਾ ਕਰ ਸਕਦਾ ਹੈ। ਅਜਿਹੀ ਤਰੱਕੀ ਜਿਸ ਦਾ ਅੰਮ੍ਰਿਤਸਰ ਸੱਚਮੁੱਚ ਹੱਕਦਾਰ ਹੈ। ਉਨ੍ਹਾਂ ਸਵਾਲ ਕੀਤਾ ਕਿ ਜਿਨ੍ਹਾਂ ਲੋਕਾਂ ਨੂੰ ਅਸੀਂ ਸਾਲਾਂ ਤੋਂ ਸੰਸਦ ਮੈਂਬਰ ਚੁਣਦੇ ਆ ਰਹੇ ਹਾਂ ਉਨ੍ਹਾਂ ਨੇ ਅੰਮ੍ਰਿਤਸਰ ਲਈ ਕੀ ਕੀਤਾ ? ਜੇ ਕੁਝ ਕੀਤਾ ਹੁੰਦਾ ਤਾਂ ਅੰਮ੍ਰਿਤਸਰ ਵਿੱਚ ਨਜ਼ਰ ਆਉਣੀ ਸੀ ! ਅਸੀਂ ਹਰ ਚੀਜ਼ ਦੀ ਕੋਸ਼ਿਸ਼ ਕੀਤੀ ਹੈ. ਆਓ ਸਾਰੇ ਅੰਮ੍ਰਿਤਸਰ ਵਾਸੀਆਂ ਨੂੰ ਸਾਡੀ ਮਹਾਨ ਪਵਿੱਤਰ ਧਰਤੀ ਅੰਮ੍ਰਿਤਸਰ ਸਾਹਿਬ ਦੀ ਖ਼ੁਸ਼ਹਾਲੀ ਅਤੇ ਵਿਸ਼ਵ ਪੱਧਰੀ ਵਿਕਾਸ ਨੂੰ ਮੁੱਖ ਰੱਖਦੇ ਹੋਏ ਅੰਮ੍ਰਿਤਸਰ ਦੀ ਨੁਮਾਇੰਦਗੀ ਕਰਦੇ ਹੋਏ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ ਕਮਲ ਦੇ ਫੁੱਲ 'ਤੇ ਵੋਟ ਪਾ ਕੇ ਬਹੁਮਤ ਨਾਲ ਜਿਤਾਈਏ। ਉਨ੍ਹਾਂ ਨੂੰ ਪਾਰਲੀਮੈਂਟ ਵਿੱਚ ਭੇਜਣਾ ਅਤੇ ਉਸ ਦੀ ਸ਼ਾਨਦਾਰ ਜਿੱਤ ਨਾਲ ਅੰਮ੍ਰਿਤਸਰ ਵਿੱਚ ਬੇਮਿਸਾਲ ਵਿਕਾਸ ਦੀ ਇੱਕ ਨਵੀਂ ਕਹਾਣੀ ਲਿਖੀ ਜਾਵੇਗੀ। ਇਸ ਮੌਕੇ ਰਾਜ ਸਨੋਕ ਅਤੇ ਐਸਡੀਓ ਸ਼ਰਮਾ ਵੀ ਮੌਜੂਦ ਸਨ।





ਆਵਾਜ਼ਿ ਕੌਮ AWAZE QAUM International Newspaper & WEB TV

**ਸੰਧੂ ਸਮੁੰਦਰੀ ਅੰਮ੍ਰਿਤਸਰ ਦੇ ਵਿਕਾਸ ਨੂੰ ਲੈ ਕੇ ਚੋਣਾ ਪ੍ਰਚਾਰ 'ਚ ਨਵੇਂ ਕੀਰਤੀਮਾਨ ਸਥਾਪਿਤ ਕਰ ਰਹੇ ਹਨ- ਪ੍ਰਧਾਨ ਅਨਿਲ ਮਹਿਰਾ**

# ਜ਼ਿਲ੍ਹੇ ਵਿੱਚ ਚੱਲ ਰਹੇ ਸਮੂਹ ਪ੍ਰਾਈਵੇਟ ਸਕੂਲਾਂ ਵੱਲੋਂ ਆਰਟੀਈ ਤਹਿਤ ਪ੍ਰਾਪਤ ਕੀਤੀ ਮਾਨਤਾ ਦਾ ਕੀਤਾ ਜਾਵੇਗਾ ਨਿਰੀਖਣ




**ਪਠਾਨਕੋਟ/ਸੁਜਾਨਪੁਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਹਰ ਇੱਕ ਪ੍ਰਾਈਵੇਟ ਸਕੂਲ ਲਈ ਆਰਟੀਈ ਐਕਟ ਤਹਿਤ ਮਾਨਤਾ ਲੈਣਾ ਜ਼ਰੂਰੀ ਹੈ, ਜ਼ਿਲ੍ਹਾ ਪਠਾਨਕੋਟ ਅੰਦਰ ਚੱਲ ਰਹੇ ਸਮੂਹ ਪ੍ਰਾਈਵੇਟ ਸਕੂਲਾਂ ਵੱਲੋਂ ਪ੍ਰਾਪਤ ਕੀਤੀ ਗਈ ਮਾਨਤਾ ਦਾ ਨਿਰੀਖਣ ਜਿਲ੍ਹਾ ਸਿੱਖਿਆ ਦਫ਼ਤਰ ਪਠਾਨਕੋਟ ਵੱਲੋਂ ਕਿਸੇ ਸਮੇਂ ਵੀ ਕੀਤਾ ਜਾ ਸਕਦਾ ਹੈ। ਇਸ ਸਬੰਧੀ ਸਿੱਖਿਆ ਵਿਭਾਗ ਪਠਾਨਕੋਟ ਵੱਲੋਂ ਬਕਾਇਦਾ ਪ੍ਰਾਈਵੇਟ ਸਕੂਲਾਂ ਨੂੰ ਪੱਤਰ ਵੀ ਜਾਰੀ ਕੀਤੀ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀ ਜਗਵਿੰਦਰ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਹਰਭਗਵੰਤ ਸਿੰਘ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਡੀਜੀ ਸਿੰਘ ਨੇ ਦੱਸਿਆ ਕਿ ਸਾਰੇ ਪ੍ਰਾਈਵੇਟ ਸਕੂਲਾਂ ਵੱਲੋਂ ਆਰਟੀਈ ਐਕਟ ਤਹਿਤ ਮਾਨਤਾ ਪ੍ਰਾਪਤ ਕਰਨਾ ਅਤੇ ਆਰਟੀਈ ਐਕਟ ਦੀ ਪਾਲਣਾ ਕਰਨਾ ਬਹੁਤ ਜ਼ਰੂਰੀ ਹੈ। ਸੈਸ਼ਨ 2024-25 ਸ਼ੁਰੂ ਹੋ ਗਿਆ ਹੈ ਇਸ ਲਈ ਸਮੂਹ ਪ੍ਰਾਈਵੇਟ ਸਕੂਲ ਮਾਨਤਾ ਪ੍ਰਾਪਤ ਕਰਨ ਸਮੇਂ ਜਮਾਂ ਕਰਵਾਏ ਗਏ ਦਸਤਾਵੇਜ਼ਾਂ ਨੂੰ ਸਕੂਲਾਂ ਵਿੱਚ ਮੌਜੂਦ ਰੱਖਣ । ਵਿਭਾਗੀ ਅਧਿਕਾਰੀਆਂ ਵੱਲੋਂ ਕਿਸੇ ਸਮੇਂ ਵੀ ਇਨ੍ਹਾਂ ਦਸਤਾਵੇਜ਼ਾਂ ਦਾ ਨਿਰੀਖਣ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਕੂਲ ਆਰਟੀਈ ਐਕਟ ਤਹਿਤ ਜਮਾਂ ਕਰਵਾਏ ਗਏ ਦਸਤਾਵੇਜ਼ਾਂ ਦੇ ਨਾਲ ਨਾਲ ਸਕੂਲਾਂ ਦਾ ਇਨਫਰਾਸਟਕਚਰ ਵੀ ਚੈੱਕ ਕਰ ਲੈਣ ਕਿ ਉਨ੍ਹਾਂ ਵੱਲੋਂ ਆਪਣੇ ਦਸਤਾਵੇਜ਼ਾਂ ਵਿੱਚ ਜ਼ੋ ਇਨਫਰਾਸਟਕਚਰ ਸਬੰਧੀ ਜਾਣਕਾਰੀ ਦਿੱਤੀ ਗਈ ਹੈ ਉਹ ਸਕੂਲ ਵਿੱਚ ਮੌਜੂਦ ਹੋਵੇ ਉਨ੍ਹਾਂ ਕਿਹਾ ਕਿ ਜੇਕਰ ਸਕੂਲਾਂ ਵੱਲੋਂ ਉਪਰੋਕਤ ਹਦਾਇਤਾਂ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਆਰਟੀਈ ਐਕਟ 2009 ਦੀ ਧਾਰਾ 18(5) ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਆਰਟੀਈ ਐਕਟ ਦੀ ਧਾਰਾ 18(5) ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਤਹਿਤ ਕੋਈ ਵੀ ਵਿਅਕਤੀ ਜ਼ੋ ਬਿਨਾਂ ਮਾਨਤਾ ਪ੍ਰਾਪਤੀ ਦਾ ਪ੍ਰਮਾਣ ਪੱਤਰ ਲਏ ਸਕੂਲ ਸਥਾਪਿਤ ਕਰਦਾ ਹੈ ਜਾਂ ਚਲਾਉਂਦਾ ਹੈ ਜਾਂ ਮਾਨਤਾ ਪ੍ਰਾਪਤੀ ਦੀ ਰੱਦਗੀ ਤੋਂ ਬਾਅਦ ਸਕੂਲ ਚਾਲੂ ਰੱਖਦਾ ਹੈ, ਇੱਕ ਲੱਖ ਰੁਪਏ ਤੱਕ ਜ਼ੁਰਮਾਨੇ ਦਾ ਭਾਗੀ ਹੋਵੇਗਾ ਅਤੇ ਉਲੰਘਣਾ ਚਾਲੂ ਰਹਿਣ ਦੀ ਸੂਰਤ ਵਿੱਚ ਜੁਰਮਾਨਾ ਹਰ ਇੱਕ ਦਿਨ ਲਈ 10000 ਰੁਪਏ ਤੱਕ, ਜਿਨ੍ਹੇ ਦਿਨ ਉਲੰਘਣਾ ਚਾਲੂ ਰਹਿੰਦੇ ਹੈ ਵਧਾਇਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਵੋਟਰ ਜਾਗਰੁਕਤਾ ਪ੍ਰੋਗਰਾਮ ਸਵੀਪ ਅਧੀਨ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਲਗਾਤਾਰ ਜਾਰੀ-ਗੁਰਪ੍ਰੀਤ ਸਿੰਘ



**ਪਠਾਨਕੋਟ/ਸੁਜਾਨਪੁਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਜਿਲ੍ਹਾ ਚੋਣ ਅਫਸਰ ਕਮ-ਡਿਪਟੀ ਕਮਿਸਨਰ ਪਠਾਨਕੋਟ ਸ੍ਰੀ ਆਦਿੱਤਿਆ ਉੱਪਲ ਜੀ ਦੇ ਦਿਸਾ ਨਿਰਦੇਸਾਂ ਹੇਠ ਲੋਕ ਸਭਾ ਚੋਣਾਂ-2024 ਨੂੰ ਧਿਆਨ ਵਿੱਚ ਰੱਖਦਿਆਂ ਵੋਟਰ ਜਾਗਰੁਕਤਾ ਪ੍ਰੋਗਰਾਮ ਸਵੀਪ ਅਧੀਨ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ ਅਤੇ ਲੋਕਾਂ ਤੱਕ ਪਹੁੰਚ ਕਰਕੇ ਲੋਕਾਂ ਨੂੰ ਵੋਟ ਪਾਉਂਣ ਦੇ ਲਈ ਜਾਗਰੁਕ ਕੀਤਾ ਜਾ ਰਿਹਾ ਹੈ । ਇਹ ਪ੍ਰਗਟਾਵਾ ਸ. ਗੁਰਪ੍ਰੀਤ ਸਿੰਘ ਜਿਲ੍ਹਾ ਨੋਡਲ ਅਫਸਰ ਸਵੀਪ-ਕਮ-ਭੂਮੀ ਰੱਖਿਆ ਅਫਸਰ ਪਠਾਨਕੋਟ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜਿਲ੍ਹਾ ਪਠਾਨਕੋਟ ਅੰਦਰ ਵੋਟਰ ਜਾਗਰੁਕਤਾ ਪ੍ਰੋਗਰਾਮ ਅਧੀਨ ਲੋਕਾਂ ਦੇ ਘਰ੍ਹਾਂ ਤੱਕ ਡੋਰ ਟੂ ਡੋਰ ਪਹੁੰਚ ਕਰਕੇ ਅਤੇ ਪਿੰਡਾਂ ਦੀ ਸੱਥਾਂ ਵਿੱਚ ਪਹੁੰਚ ਕੇ ਲੋਕਾਂ ਨੂੰ ਵੱਧ ਤੋਂ ਵੱਧ ਵੋਟ ਪਾਉਂਣ ਦੇ ਲਈ ਜਾਗਰੁਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਿਲ੍ਹਾ ਪੱਧਰ ਤੇ ਬਣਾਈ ਸਵੀਪ ਟੀਮ ਵੱਲੋਂ ਆਉਂਣ ਵਾਲੇ ਦਿਨ੍ਹਾਂ ਵਿੱਚ ਕੀਤੀਆਂ ਜਾ ਰਹੀਆਂ ਸਵੀਪ ਗਤੀਵਿਧੀਆਂ ਨੂੰ ਲੈ ਕੇ ਅੱਜ ਇੱਕ ਵਿਸੇਸ ਮੀਟਿੰਗ ਵੀ ਆਯੋਜਿਤ ਕੀਤੀ ਗਈ ਅਤੇ ਆਉਂਣ ਵਾਲੇ ਦਿਨ੍ਹਾਂ ਵਿੱਚ ਕੀਤੇ ਜਾ ਰਹੇ ਸਵੀਪ ਪ੍ਰੋਗਰਾਮਾਂ ਦੇ ਬਾਰੇ ਵਿੱਚ ਵੀ ਚਰਚਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਵੋਟਰ ਜਾਗਰੁਕਤਾ ਪ੍ਰੋਗਰਾਮ ਅਧੀਨ ਜਿੱਥੇ ਲੋਕਾਂ ਨੂੰ ਵੋਟ ਪਾਉਂਣ ਦੀ ਪ੍ਰੀਕ੍ਰਿਆਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ ਉੱਥੇ ਹੀ ਉਨ੍ਹਾਂ ਦੀ ਵੋਟ ਦੀ ਮਹੱਤਤਾ ਬਾਰੇ ਵੀ ਦੱਸਿਆ ਜਾਂਦਾ ਹੈ । ਇਸ ਤੋਂ ਇਲਾਵਾ ਲੋਕਾਂ ਨੂੰ ਉਨ੍ਹਾਂ ਦੇ ਵੋਟ ਪਾਉਂਣ ਦੇ ਅਧਿਕਾਰ ਤੋਂ ਵੀ ਜਾਣੂ ਕਰਵਾਇਆ ਜਾਂਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਜਿਲ੍ਹਾ ਚੋਣ ਅਫਸਰ ਪਠਾਨਕੋਟ ਨੇ ਲੋਕ ਸਭਾ ਚੋਣਾਂ-2024 ਨੂੰ ਲੈ ਕੇ ਜਿਲ੍ਹਾ ਪਠਾਨਕੋਟ ਦੇ ਤਿੰਨੋਂ ਲੋਕ ਸਭਾ ਸੈਗਮੈਂਟ ਦੇ ਏ.ਆਰ.ਓਜ ਨਾਲ ਕੀਤੀ ਰੀਵਿਓ ਮੀਟਿੰਗ

**ਪਠਾਨਕੋਟ/ਸੁਜਾਨਪੁਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਲੋਕ ਸਭਾ ਚੋਣਾਂ-2024 ਅਧੀਨ ਅੱਜ ਸ੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ-ਕਮ-ਜਿਲ੍ਹਾ ਚੋਣ ਅਫਸਰ ਪਠਾਨਕੋਟ ਵੱਲੋਂ ਜਿਲ੍ਹੇ ਵਿੱਚ ਪੈਂਦੇ ਲੋਕ ਸਭਾ ਅਸੈਂਬਲੀ ਸੈਗਮੈਂਟ ਚੋਣ ਹਲਕਾ -001 ਸੁਜਾਨਪੁਰ, ਲੋਕ ਸਭਾ ਅਸੈਂਬਲੀ ਸੈਗਮੈਂਟ ਚੋਣ ਹਲਕਾ 002 ਭੋਆ (ਅ.ਜ.) ਅਤੇ ਲੋਕ ਸਭਾ ਅਸੈਂਬਲੀ ਸੈਗਮੈਂਟ ਚੋਣ ਹਲਕਾ 003- ਪਠਾਨਕੋਟ ਨਾਲ ਇੱਕ ਵਿਸੇਸ ਮੀਟਿੰਗ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਵਿਖੇ ਸਥਿਤ ਮੀਟਿੰਗ ਹਾਲ ਵਿਖੇ ਆਯੋਜਿਤ ਕੀਤੀ ਗਈ। ਇਸ ਮੋਕੇ ਤੇ ਸਰਵਸ੍ਰੀ ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸਨਰ (ਜ)-ਕਮ-ਏ.ਆਰ.ਓ. ਲੋਕ ਸਭਾ ਅਸੈਂਬਲੀ ਸੈਗਮੈਂਟ ਚੋਣ ਹਲਕਾ-002 ਭੋਆ (ਅ.ਜ.), ਕਾਲਾ ਰਾਮ ਕਾਂਸਲ ਐਸ.ਡੀ.ਐਮ. ਧਾਰ ਕਲ੍ਹਾਂ-ਕਮ-ਏ.ਆਰ.ਓ. ਲੋਕ ਸਭਾ ਅਸੈਂਬਲੀ ਸੈਗਮੈਂਟ ਚੋਣ ਹਲਕਾ-001 ਸੁਜਾਨਪੁਰ, ਡਾ. ਸੁਮਿਤ ਮੁਧ ਐਸ.ਡੀ.ਐਮ. ਪਠਾਨਕੋਟ -ਕਮ -ਏ.ਆਰ.ਓ. ਲੋਕ ਸਭਾ ਅਸੈਂਬਲੀ ਸੈਗਮੈਂਟ ਚੋਣ ਹਲਕਾ 003 ਪਠਾਨਕੋਟ, ਯੁਗੇਸ ਕੁਮਾਰ ਜਿਲ੍ਹਾ ਚੋਣ ਕਾਨੂੰਗੋ ਅਤੇ ਹੋਰ ਸਬੰਧਤ ਅਧਿਕਾਰੀ ਹਾਜਰ ਸਨ ।

ਇਸ ਮੋਕੇ ਤੇ ਸੰਬੋਧਤ ਕਰਦਿਆਂ ਸ੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ-ਕਮ- ਜਿਲ੍ਹਾ ਚੋਣ ਅਫਸਰ ਪਠਾਨਕੋਟ ਨੇ ਸੰਬੋਧਤ ਕਰਦਿਆਂ ਕਿਹਾ ਕਿ ਜਿਵੇਂ ਕਿ ਲੋਕ ਸਭਾ ਚੋਣਾਂ-2024 ਸਫਲਤਾ ਪੂਰਵਕ ਨੇਪਰੇ ਚਾੜਨ ਦੇ ਲਈ ਹਰ ਤਰ੍ਹਾਂ ਦੇ ਅਗੇਤੇ ਪ੍ਰਬੰਧ ਕਰ ਲਏ ਗਏ ਹਨ।



ੴ
ਸਤਿਗੁਰ ਪ੍ਰਸਾਦਿ॥
ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
ਵਹ ਪ੍ਰਗਟਿਓ ਮਰਦ ਅਗੰਮੜਾ ਵਰੀਆਮ ਇਕੇਲਾ॥
ਵਾਹ ਵਾਹ ਗੋਬਿੰਦ ਸਿੰਘ ਆਪੇ ਗੁਰ ਚੇਲਾ॥



ਗੁਰੂ ਪਿਆਰੀ ਸਾਧ ਸੰਗਤ ਜੀ, ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਨੂੰ ਸੁਣ ਕੇ ਜੋ ਬਚਨ ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਉਚਾਰੇ ਸਨ ਕਿ ਅੱਜ ਦੇ ਡਰੇ ਹੋਏ ਸਿੱਖਾਂ ਵਿੱਚ ਮੈਂ ਜੋਸ਼ ਭਰ ਕੇ ਅਜਿਹੇ ਸਿੱਖ (ਸਿੰਘ) ਸਜਾਵਾਂਗਾ।

## ਜੋ ਇਕੱਲਾ ਇਕੱਲਾ ਸਵਾ ਲੱਖ ਨਾਲ ਲੜਨ ਤੋਂ ਗੁਰੇਜ ਨਹੀਂ ਕਰੇਗਾ।

ਉਹਨਾਂ ਬਚਨਾਂ ਨੂੰ ਸਾਕਾਰ ਕਰਦਿਆਂ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ੧੭੫੬ ਬਿਕਰਮੀ (ਸੰਨ ੧੬੯੯) ਵਿਸਾਖੀ ਵਾਲੇ ਦਿਨ ਬੇਅੰਤ ਸੰਗਤਾਂ ਵਿੱਚ ਤਖਤ ਸ੍ਰੀ ਕੇਸਗੜ ਸਾਹਿਬ ਜੀ ਦੇ ਅਸਥਾਨ ਤੇ ਪੰਜ ਸਿੱਖਾਂ ਨੂੰ ਅੰਮ੍ਰਿਤ ਛਕਾ ਕੇ 'ਆਪੇ ਗੁਰ ਚੇਲਾ' ਬਣਨ ਦੀ ਰੀਤ ਚਲਾਈ ਅਤੇ ਹਰੇਕ ਸਿੱਖ ਮਾਈ ਭਾਈ ਵਾਸਤੇ ਅੰਮ੍ਰਿਤ ਛਕਣਾ ਲਾਜ਼ਮੀ ਕਰ ਦਿੱਤਾ, ਸੋ ਆਪ ਸਾਧ ਸੰਗਤ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਕਿ

# ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਮੈਗਾਰਾ ਗਰੀਸ

ਵਿਖੇ ਵਿਸਾਖੀ ਪੁਰਬ ਨੂੰ ਮੁੱਖ ਰੱਖਦਿਆਂ ਅੰਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਹੈ। ਪੁਰਾਤਨ ਮਰਿਆਦਾ ਅਨੁਸਾਰ ਲੜੀਵਾਰ ਸਰੂਪ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਸਮੇਤ ਸ੍ਰੀ ਜਪੁਜੀ ਸਾਹਿਬ ਦੇ ਅਰੰਭ ਹੋਣਗੇ। ਤਿੰਨੇ ਦਿਨ ਨਿਰੰਤਰ ਚੌਰ ਸਾਹਿਬ ਦੀ ਸੇਵਾ ਹੋਵੇਗੀ। ਸਮੂਹ ਸੰਗਤਾਂ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ ਕਿ ਤਿੰਨੇ ਦਿਨ ਹਾਜਰੀਆਂ ਭਰ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਆਵਾਜ਼ਿ ਕੌਮ
AWAZE QAUM
International Newspaper & WEB TV

## ਪ੍ਰੋਗਰਾਮ

11 ਅਪ੍ਰੈਲ 2024 ਦਿਨ ਵੀਰਵਾਰ ਨੂੰ
ਸ਼ਾਮ 5 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਅਰੰਭ ਹੋਣਗੇ।
13 ਅਪ੍ਰੈਲ 2024 ਦਿਨ ਸ਼ਨੀਵਾਰ ਨੂੰ
ਸ਼ਾਮ 5 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣਗੇ।
ਭਾਈ ਬਲਕਾਰ ਸਿੰਘ ਜੀ ਇੰਗਲੈਂਡ ਵਾਲਿਆਂ ਦਾ ਜਥਾ ਅੰਮ੍ਰਿਤ ਸੰਚਾਰ ਦੀ ਸੇਵਾ ਨਿਭਾਵੇਗਾ।
ਭਾਈ ਸੁਰਜੀਤ ਸਿੰਘ ਜੀ ਖੰਡੇਵਾਲੇ ਇਟਲੀ ਤੋਂ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।



13 ਅਪ੍ਰੈਲ 2024 ਦਿਨ ਸ਼ਨੀਵਾਰ ਨੂੰ ਸਵੇਰੇ 9 ਵਜੇ ਅੰਮ੍ਰਿਤ ਸੰਚਾਰ ਹੋਵੇਗਾ। ਕਕਾਰਾਂ ਦੀ ਸੇਵਾ ਗੁਰਦੁਆਰਾ ਸਾਹਿਬ ਵੱਲੋਂ ਕੀਤੀ ਜਾਵੇਗੀ।



ਕਥਾਵਾਚਕ
ਭਾਈ ਸੁਰਜੀਤ ਸਿੰਘ
ਖੰਡੇਵਾਲੇ ਇਟਲੀ ਤੋਂ

ਬੇਨਤੀ ਕਰਤਾ:- ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਮੈਗਾਰਾ ਅਤੇ ਸਮੂਹ ਸਾਧ ਸੰਗਤ ਗਰੀਸ
ਫੋਨ ਨੰਬਰ: 0030 6947941707, 6944766287, 6982015064